
TOURIST VISA
USA CANADA
SCHENGEN/ UK
AUSTRALIA/ NZ
263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
easyvisa
8195 828282

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਐਤਵਾਰ,06 ਅਪ੍ਰੈਲ 2025
Email:- lokbani08@gmail.com




R. N. I. Punpun/29016/2008 * ਸਾਲ 16 , * ਅੰਕ : 285 * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

## ਭਾਰਤ ਵੱਲੋਂ ਭੂਚਾਲ ਪ੍ਰਭਾਵਿਤ ਮਿਆਂਮਾਰ ਨੂੰ 442 ਟਨ ਅਨਾਜ ਦੀ ਸਹਾਇਤਾ

ਮੰਡਾਲੇਅ ਲੋਕ ਬਾਣੀ-ਭਾਰਤ ਵੱਲੋਂ ਆਪਣੇ ਅਪਰੇਸ਼ਨ ਬ੍ਰਹਮਾ ਤਹਿਤ ਅੱਜ ਭੂਚਾਲ ਪ੍ਰਭਾਵਿਤ ਮਿਆਂਮਾਰ ਦੇ ਦੱਖਣੀ ਤੱਟੀ ਖੇਤਰ ਵਿੱਚ ਥਿਲਾਵਾ ਬੰਦਰਗਾਹ ’ਤੇ ਯਾਂਗੋਨ ਖੇਤਰ ਦੇ ਮੁੱਖ ਮੰਤਰੀ ਨੂੰ ਖ਼ੁਰਾਕ ਸਹਾਇਤਾ ਦੀ ਵੱਡੀ ਖੇਪ ਦਿੱਤੀ ਗਈ ਹੈ। ਮਿਆਂਮਾਰ ਵਿੱਚ 28 ਮਾਰਚ ਨੂੰ 7.7 ਤੀਬਰਤਾ ਦਾ ਖ਼ਤਰਨਾਕ ਭੂਚਾਲ ਆਇਆ ਸੀ, ਜਿਸ ਦਾ ਕੇਂਦਰ ਇੱਥੇ ਨੇੜੇ ਹੀ ਸੀ। ਇਸ ਭੂਚਾਲ ਵਿੱਚ 3100 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ ਸੀ।ਭਾਰਤ




ਨੇ ਤਬਾਹਕੁਨ ਭੂਚਾਲ ਤੋਂ ਬਾਅਦ ਭਾਲ ਤੇ ਬਚਾਅ (ਐੱਸਏਆਰ), ਮਨੁੱਖੀ ਸਹਾਇਤੀ, ਆਫ਼ਤ ਰਾਹਤ ਅਤੇ ਮੈਡੀਕਲ ਸਹਾਇਤਾ ਸਣੇ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ ਵਾਸਤੇ ਅਪਰੇਸ਼ਨ ਬ੍ਰਹਮਾ ਸ਼ੁਰੂ ਕੀਤਾ ਸੀ।

## ਕੈਨੇਡਾ ਵਿੱਚ ਭਾਰਤੀ ਨਾਗਰਿਕ ਦੀ ਚਾਕੂ ਮਾਰ ਕੇ ਹੱਤਿਆ, 1 ਸ਼ੱਕੀ ਗ੍ਰਿਫ਼ਤਾਰ

ਚੰਡੀਗੜ੍ਹ, ਲੋਕ ਬਾਣੀ- ਕੈਨੇਡਾ ਵਿਚ ਭਾਰਤੀ ਦੂਤਾਵਾਸ ਨੇ ਸ਼ਨਿੱਚਰਵਾਰ ਸਵੇਰੇ ਕਿਹਾ ਕਿ ਰਾਜਧਾਨੀ ਓਟਵਾ ਨੇੜੇ ਕੈਨੇਡਾ ਦੇ ਰੌਕਲੈਂਡ ਖੇਤਰ ਵਿਚ ਇਕ ਭਾਰਤੀ ਨਾਗਰਿਕ ਦੀ ਚਾਕੂ ਮਾਰ ਕੇ ਹੱਤਿਆ ਕਰ ਦਿੱਤੀ ਗਈ ਹੈ। ਇਸ ਮਾਮਲੇ ਵਿਚ ਇਕ ਸ਼ੱਕੀ ਨੂੰ ਹਿਰਾਸਤ ’ਚ ਲਿਆ ਗਿਆ ਹੈ। ਦੂਤਾਵਾਸ ਨੇ ਦੱਸਿਆ ਕਿ ਉਹ ਪੀੜਤ ਪਰਿਵਾਰ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਹੇ ਹਨ।ਕੈਨੇਡਾ ਵਿੱਚ ਭਾਰਤੀ




ਸਫ਼ਾਰਤਖ਼ਾਨੇ ਨੇ ✓ ‘ਤੇ ਇੱਕ ਪੋਸਟ ਵਿੱਚ ਲਿਖਿਆ, ਅਸੀਂ ਓਟਵਾ ਨੇੜੇ ਰੌਕਲੈਂਡ ਵਿਚ ਇੱਕ ਭਾਰਤੀ ਨਾਗਰਿਕ ਦੀ ਚਾਕੂ ਮਾਰ ਕੇ ਹੋਈ ਮੌਤ ’ਤੇ ਦੁੱਖ ਪ੍ਰਗਟ ਕਰਦੇ ਹਾਂ।

## ਜੰਮੂ ’ਚ ਕੌਮਾਂਤਰੀ ਸਰਹੱਦ ’ਤੇ ਘੁਸਪੈਠੀਆ ਹਲਾਕ

ਜੰਮੂ, ਲੋਕ ਬਾਣੀ ਜੰਮੂ ’ਚ ਕੌਮਾਂਤਰੀ ਸਰਹੱਦ ’ਤੇ ਬੀਐੱਸਐੱਫ ਦੀ ਕਾਰਵਾਈ ’ਚ ਪਾਕਿਸਤਾਨੀ ਘੁਸਪੈਠੀਆ ਮਾਰਿਆ ਗਿਆ। ਬੀਐੱਸਐੱਫ ਦੇ ਬੁਲਾਰੇ ਨੇ ਦਾਅਵਾ ਕੀਤਾ ਕਿ ਇਸ ਕਾਰਵਾਈ ਨਾਲ ਸਰਹੱਦ ਪਾਰੋਂ ਘੁਸਪੈਠ ਕਰਨ ਨਾਕਾਮ ਹੋ ਗਈ ਹੈ। ਸੂਤਰਾਂ ਨੇ ਦੱਸਿਆ ਕਿ ਘੁਸਪੈਠੀਆ ਆਰਐੱਸ ਪੁਰਾ ਸੈਕਟਰ ’ਚ ਸਰਹੱਦੀ ਚੌਕੀ ਅਬਦੁਲੀਆਂ ’ਚ ਮਾਰਿਆ ਗਿਆ। ਬੀਐੱਸਐੱਫ ਦੇ ਬੁਲਾਰੇ ਨੇ ਕਿਹਾ, ‘ਬੀਐੱਸਐੱਫ ਦੇ ਚੌਕਸ



ਜਵਾਨਾਂ ਨੇ ਚਾਰ ਤੇ ਪੰਜ ਅਪਰੈਲ ਦੀ ਦਰਮਿਆਨੀ ਰਾਤ ਨੂੰ ਘੁਸਪੈਠੀਏ ਨੂੰ ਕੌਮਾਂਤਰੀ ਸਰਹੱਦ ਪਾਰ ਕਰਦੇ ਦੇਖਿਆ।’

## ਸੋਸ਼ਲ ਮੀਡੀਆ ਪੋਸਟ ਕਾਰਨ ਜੰਮੂ-ਕਸ਼ਮੀਰ ਦੇ ਭਦਰਵਾਹ ’ਚ ਅੰਸ਼ਕ ਬੰਦ; ਇੰਟਰਨੈੱਟ ਸੇਵਾਵਾਂ ਮੁਅੱਤਲ

ਭਦਰਵਾਹ ਲੋਕ ਬਾਣੀ-- ਡੋਡਾ ਜ਼ਿਲ੍ਹੇ ਦੇ ਭਦਰਵਾਹ ਸ਼ਹਿਰ ਵਿੱਚ ਸ਼ਨਿੱਚਰਵਾਰ ਨੂੰ ਇੱਕ ਹਿੰਦੂ ਸਮੂਹ ਦੇ ਆਗੂ ਵੱਲੋਂ ਕਥਿਤ ਤੌਰ ‘ਤੇ ਕੀਤੀ ਗਈ ਇੱਕ ਇਤਰਾਜ਼ਯੋਗ ਸੋਸ਼ਲ ਮੀਡੀਆ ਪੋਸਟ ਤੋਂ ਬਾਅਦ ਵਿਰੋਧ ਪ੍ਰਦਰਸ਼ਨ ਸ਼ੁਰੂ ਹੋ ਗਏ ਅਤੇ ਸ਼ਹਿਰ ਅੰਸ਼ਕ ਬੰਦ ਕੀਤਾ ਗਿਆ। ਇਸ ਕਾਰਨ ਅਧਿਕਾਰੀਆਂ ਨੂੰ ਮੋਬਾਈਲ ਇੰਟਰਨੈੱਟ ਸੇਵਾਵਾਂ ਮੁਅੱਤਲ ਕਰਨੀਆਂ ਪਈਆਂ। ਭਦਰਵਾਹ ਦੇ ਪੁਲੀਸ ਸੁਪਰਡੈਂਟ ਵਿਨੋਦ ਸ਼ਰਮਾ ਨੇ ਕਿਹਾ ਕਿ ਮੁਲਜ਼ਮ



ਵੀਰੇਂਦਰ ਰਾਜ਼ਦਾਨ ਵਿਰੁੱਧ ਐਫਆਈਆਰ ਦਰਜ ਕਰ ਲਈ ਗਈ ਹੈ

## ਰਾਜਪਾਲ ਦੀ ਨਸ਼ਿਆਂ ਖ਼ਿਲਾਫ਼ ਯਾਤਰਾ ਦਾ ਲੋਕਾਂ ਵੱਲੋਂ ਥਾਂ-ਥਾਂ ਨਿੱਘਾ ਸਵਾਗਤ

ਚੇਤਨਪੁਰਾ ਲੋਕ ਬਾਣੀ - ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਨਸ਼ਿਆਂ ਖ਼ਿਲਾਫ਼ ਕੀਤੀ ਜਾ ਰਹੀ ਪੈਦਲ ਯਾਤਰਾ ਅੱਜ ਤੀਜੇ ਦਿਨ ਨਵਾਂ ਪਿੰਡ (ਫਤਿਹਗੜ੍ਹ ਚੂੜੀਆਂ ਰੋਡ) ਤੋਂ ਸ਼ੁਰੂ ਹੋਈ।ਰਾਜਪਾਲ ਦੀ ਨਸ਼ਿਆਂ ਖਿਲਾਫ ਪੈਦਲ ਯਾਤਰਾ ਦਾ ਥਾਂ-ਥਾਂ ਸਕੂਲਾਂ-ਕਾਲਜਾਂ ਦੇ ਬੱਚਿਆਂ ਅਤੇ ਆਮ ਲੋਕਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰਸ਼ਾਸਨ ਦੀ ਅਧਿਕਾਰੀ ਵੀ ਵੱਡੀ ਗਿਣਤੀ ਵਿੱਚ ਮੌਜੂਦ ਸਨ ਅਤੇ ਸੁਰੱਖਿਆ ਦੇ ਕਰੜੇ



ਪ੍ਰਬੰਧ ਕੀਤੇ ਹੋਏ ਹਨ। ਇਸ ਮੌਕੇ ਰਾਜਪਾਲ ਪੰਜਾਬ ਨੇ ਕਿਹਾ ਹੈ ਕਿ ਨਸ਼ਿਆਂ ਨੂੰ ਪੂਰੀ ਤਰ੍ਹਾਂ ਮੁੱਢ ਤੋਂ ਖਤਮ ਕਰਨ ਲਈ ਲੋਕਾਂ ਦਾ ਵੱਡਾ ਸਹਿਯੋਗ ਜ਼ਰੂਰੀ ਹੈ।

## ਰੇਲਵੇ ਸਟੇਸ਼ਨ ਰਾਜਪੁਰਾ ਤੋਂ ਹਥਿਆਰਾਂ ਦਾ ਜ਼ਖ਼ੀਰਾ ਬਰਾਮਦ

ਰਾਜਪੁਰਾ, (ਲੋਕ ਬਾਣੀ)-- ਰੇਲਵੇ ਪੁਲੀਸ ਰਾਜਪੁਰਾ ਨੂੰ ਪਲੇਟਫ਼ਾਰਮ ਨੰਬਰ-1 ’ਤੇ ਪਏ ਇਕ ਲਾਵਾਰਸ ਬੈਗ ਵਿੱਚੋਂ ਹਥਿਆਰਾਂ ਦਾ ਜ਼ਖ਼ੀਰਾ ਬਰਾਮਦ ਹੋਇਆ ਹੈ। ਰੇਲਵੇ ਪੁਲੀਸ ਦੀ ਮੁਸਤੈਦੀ ਨਾਲ ਮੌਕਾ ਰਹਿੰਦੇ ਫੜੇ ਗਏ ਇਨ੍ਹਾਂ ਹਥਿਆਰਾਂ ਕਾਰਨ ਕਿਸੇ ਵੱਡੀ ਵਾਰਦਾਤ ਹੋਣ ਤੋਂ ਬਚਾਅ ਰਿਹਾ ਹੈ।ਰੇਲਵੇ ਪੁਲੀਸ ਦੇ ਚੌਂਕੀ ਇੰਚਾਰਜ ਏਐੱਸਆਈ



ਜਸਵਿੰਦਰ ਸਿੰਘ ਨੇ ਦੱਸਿਆ ਕਿ ਰੋਜ਼ਾਨਾ ਵਾਂਗ ਪੁਲੀਸ ਪਲੈਟਫਾਰਮਾਂ ਉਪਰ ਚੈਕਿੰਗ ਕਰ ਰਹੀ ਸੀ

## ਕੁੱਟਮਾਰ ਦੇ ਦੋਸ਼ ਹੇਠ ਤਿੰਨ ਨੌਜਵਾਨਾਂ ਖ਼ਿਲਾਫ਼ ਕੇਸ ਦਰਜ

ਫਗਵਾੜਾ: ਲੋਕ ਬਾਣੀ- ਇੱਕ ਨੌਜਵਾਨ ਨੂੰ ਘੇਰ ਕੇ ਉਸ ਦੀ ਕੁੱਟਮਾਰ ਕਰਨ ਤੇ ਚੇਨੀ ਖੋਹ ਕੇ ਲੈ ਜਾਣ ਦੇ ਦੋਸ਼ ਹੇਠ ਸਿਟੀ ਪੁਲੀਸ ਨੇ ਤਿੰਨ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਸ਼ਿਕਾਇਤਕਰਤਾ ਗੁਰਪ੍ਰੀਤ ਕੁਮਾਰ ਵਾਸੀ ਪਿੰਡ ਕੁਲਥਮ ਨੇ ਪੁਲੀਸ ਨੂੰ ਦਿੱਤੀ ਸ਼ਿਕਾਇਤ ’ਚ ਦੱਸਿਆ ਕਿ ਉਹ ਆਪਣੇ ਜੀਜੇ ਨਾਲ ਬੱਸ ਅੱਡੇ ਜਾ ਰਿਹਾ ਸੀ ਤਾਂ ਉਕਤ ਵਿਅਕਤੀਆਂ ਨੇ ਉਸ ਨੂੰ ਰੋਕ ਕੇ ਤੇਜ਼ ਹਥਿਆਰਾਂ ਨਾਲ ਉਸ ’ਤੇ ਹਮਲਾ ਕਰ ਦਿੱਤਾ ਅਤੇ ਸੱਟਾਂ ਮਾਰੀਆਂ ਤੇ ਉਸ ਦੇ




ਗਲੇ ’ਚ ਪਾਈ ਸੋਨੇ ਦੀ ਚੇਨੀ ਵੀ ਖੋਹ ਕੇ ਲੈ ਗਏ। ਇਸ ਸਬੰਧੀ ਪੁਲੀਸ ਨੇ ਰਵੀ ਵਾਸੀ ਪਿੰਡ ਕੁਲਥਮ, ਨੀਰਜ ਪੁੱਤਰ ਚਰਨ ਦਾਸ ਤੇ ਸੁਮਿਤ ਵਾਸੀਆਨ ਪਿੰਡ ਮੇਹਲੀ ਖਿਲਾਫ਼ ਕੇਸ ਦਰਜ ਕੀਤਾ ਹੈ।

## ਕਿਸਾਨਾਂ ਵੱਲੋਂ ਭਾਰਤ ਮਾਲਾ ਦੇ ਅਧਿਕਾਰੀਆਂ ਖ਼ਿਲਾਫ਼ ਧਰਨਾ

ਭੁੱਚੋ ਮੰਡੀ, ਲੋਕ ਬਾਣੀ- ਪਿੰਡ ਚੱਕ ਬਖਤੂ ਦੇ ਕਿਸਾਨਾਂ ਨੇ ਭਾਕਿਯੂ ਉਗਰਾਹਾਂ ਦੀ ਅਗਵਾਈ ਹੇਠ ਪਿੰਡ ਵਿੱਚੋਂ ਲੰਘਦੀ ਭਾਰਤ ਮਾਲਾ ਸੜਕ ਨਜ਼ਦੀਕ ਧਰਨਾ ਦਿੱਤਾ ਅਤੇ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਉਨ੍ਹਾਂ ਮੰਗ ਕੀਤੀ ਕਿ ਸੜਕ ਦੀ ਉਸਾਰੀ ਦੌਰਾਨ ਟੇਢਾ ਕੀਤਾ ਮੋਘਾ ਸਿੱਧਾ ਕੀਤਾ ਜਾਵੇ ਅਤੇ ਕਿਸਾਨਾਂ ਦੇ ਲੰਘਣ ਲਈ ਰਸਤਾ ਛੱਡਿਆ ਜਾਵੇ। ਪੁਲੀਸ ਦੀ ਮੌਜੂਦਗੀ ਵਿੱਚ ਅਥਾਰਟੀ ਦੇ ਅਧਿਕਾਰੀ ਜਤਿੰਦਰ ਸ਼ਰਮਾ ਨੇ 7 ਅਪਰੈਲ ਨੂੰ ਕਿਸਾਨਾਂ ਦੀ ਡੀਸੀ ਬਠਿੰਡਾ



ਨਾਲ ਮੀਟਿੰਗ ਕਰਵਾਉਣ ਅਤੇ ਜਲਦੀ ਮਸਲਾ ਹੱਲ ਕਰਨ ਦੇ ਦਿੱਤੇ ਭਰੋਸੇ ਮਗਰੋਂ ਕਿਸਾਨਾਂ ਨੇ ਧਰਨਾ ਚੁੱਕ ਦਿੱਤਾ।

## ਕੈਂਬਰਿਜ ਮਾਡਰਨ ਸਕੂਲ ਚੋਮੋਂ ਦਾ ਨਤੀਜਾ ਸ਼ਾਨਦਾਰ

ਮਲੌਦ (ਲੋਕ ਬਾਣੀ)--ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅੱਠਵੀਂ ਜਮਾਤ ਦੇ ਐਲਾਨੇ ਨਤੀਜਿਆਂ ਚੋਂ ਕੈਂਬਰਿਜ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਚੋਮੋਂ ਦੀਆਂ ਅੱਠਵੀਂ ਜਮਾਤ ਦੀਆਂ ਵਿਦਿਆਰਥਣਾਂ ਮੈਰਿਟ ਵਿੱਚ ਆਈਆਂ ਜੋ ਪੰਜਾਬ ਭਰ ’ਚੋਂ 12ਵੇਂ ਰੈਂਕ ’ਤੇ ਰਹੀਆਂ। ਸਕੂਲ ਪ੍ਰਿੰਸੀਪਲ ਸੰਜੀਵ ਕੁਮਾਰ ਮੋਦਗਿੱਲ ਨੇ ਦੱਸਿਆ ਕਿ ਸਕੂਲ ਦੀਆਂ ਦੋ ਵਿਦਿਆਰਥਣਾਂ ਜਸਮਨਪ੍ਰੀਤ ਕੌਰ ਪੁੱਤਰੀ ਜਗਸੀਰ ਸਿੰਘ ਵਾਸੀ ਕੁੱਪ ਅਤੇ ਸੁਖਦੀਪ



ਕੌਰ ਪੁੱਤਰੀ ਹਰਪ੍ਰੀਤ ਸਿੰਘ ਵਾਸੀ ਚਾਪੜਾ ਨੇ 589/600 ਵਿੱਚੋਂ ਲੈ ਕੇ 98.17 ਫ਼ੀਸਦ ਅੰਕ ਪ੍ਰਾਪਤ ਕਰਕੇ ਪੂਰੇ ਪੰਜਾਬ ਵਿੱਚੋਂ 12ਵਾਂ ਰੈਂਕ ਹਾਸਲ ਕੀਤਾ ਹੈ।

263
VISA
ਫਰਵਰੀ 2025
ਮਹੀਨੇ ਵਿੱਚ ਲੱਗੇ
TOURIST VISA
USA/ SCHENGEN
CANADA/ AUSTRALIA/ UK/ NZ
easyvisa
8195 828282
ਅਪਲਾਈ ਕਰਨ
ਤੋਂ ਪਹਿਲਾਂ ਲੱਗੇ
ਹੋਏ ਵੀਜ਼ਾ ਜਰੂਰ
ਚੈਕ ਕਰੋ ਫਿਰ
ਅਪਲਾਈ ਕਰੋ

# ਐਸ.ਸੀ.ਕਮਿਸ਼ਨ ਦੇ ਦਖਲ ਨਾਲ ਕਾਲਜ ਪ੍ਰਬੰਧਕਾਂ ਨੇ ਵਿਦਿਆਰਥੀ ਦੇ ਪਿਤਾ ਖ਼ਿਲਾਫ਼ ਦਾਇਰ ਚੈੱਕ ਬਾਊਂਸ ਦਾ ਮਾਮਲਾ ਵਾਪਸ ਲਿਆ



ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਦੇ ਦਖਲ ਨਾਲ ਕਾਲਜ ਪ੍ਰਬੰਧਕਾਂ ਨੇ ਵਿਦਿਆਰਥੀ ਦੇ ਪਿਤਾ ਖ਼ਿਲਾਫ਼ ਦਾਇਰ ਚੈੱਕ ਬਾਊਂਸ ਦਾ ਮਾਮਲਾ ਵਾਪਸ ਲੈ ਲਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਧੂਰੀ ਦੇ ਜਨਤਾ ਨਗਰ ਨਿਵਾਸੀ ਰਮਨਜੀਤ ਸਿੰਘ ਸਪੁੱਤਰ ਬਲਵਿੰਦਰ ਕੁਮਾਰ ਨੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਕੋਲ ਲਿਖਤੀ ਸ਼ਿਕਾਇਤ 25ਮਾਰਚ2025 ਨੂੰ ਕੀਤੀ ਸੀ ਕਿ ਉਸ ਨੇ ਗੁਰੂਕੁਲ ਵਿਦਿਆ ਪੀਠ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਆਫ਼ ਟੈਕਨਾਲਾਜੀ ਬਨੂੜ ਵਿੱਚ ਬੀ.ਟੈਕ. ਸਿਵਲ ਇੰਜੀਨੀਅਰਿੰਗ ਵਿੱਚ ਦਾਖਲਾ ਲਿਆ ਸੀ, ਜਿੱਥੇ ਉਹ ਤੀਜੇ ਸਮੈਸਟਰ ਤੱਕ ਰੈਗੂਲਰ ਰਿਹਾ, ਪਰੰਤੂ ਆਪਣੇ ਪਿਤਾ ਦੇ ਆਪਰੇਸ਼ਨ ਕਾਰਨ, ਚੌਥੇ ਸਮੈਸਟਰ ਦੇ ਰੈਗੂਲਰ ਇਮਤਿਹਾਨ ਨਹੀਂ ਦੇ ਪਾਇਆ। ਕਾਲਜ ਪ੍ਰਬੰਧਕਾਂ ਵੱਲੋਂ ਉਸ ਨੂੰ ਚੌਥੇ ਸਮੈਸਟਰ ਵਿੱਚ ਗ਼ੈਰ-ਹਾਜਰ ਹੋਣ ਸੰਬੰਧੀ ਕੋਈ ਨੋਟਿਸ ਨਹੀਂ ਦਿੱਤਾ ਗਿਆ, ਪਰੰਤੂ ਫਿਰ ਵੀ ਕਾਲਜ਼ ਪ੍ਰਬੰਧਕ ਰਮਨਜੀਤ ਸਿੰਘ ਤੋਂ 2018 ਤੱਕ (ਭਾਵ 8ਵੇਂ ਸਮੈਸਟਰ ਤੱਕ) ਫੀਸ ਭਰਵਾਉਂਦੇ ਰਹੇ। ਉਸ ਤੋਂ ਬਾਅਦ ਰਮਨਜੀਤ ਸਿੰਘ 2022 ਵਿੱਚ ਆਪਣੇ ਦਸਤਾਵੇਜ਼ ਲੈਣ ਲਈ ਕਈ ਵਾਰ ਕਾਲਜ ਗਿਆ ਪ੍ਰੰਤੂ ਉਸ ਨੂੰ ਦਸਤਾਵੇਜ਼ ਨਹੀਂ ਦਿੱਤੇ ਗਏ। ਜਦੋਂ ਉਹ ਆਪਣੇ ਦਸਤਾਵੇਜ਼ ਲੈਣ ਲਈ ਗੁਰੂਕੁਲ ਦੇ ਡਾਇਰੈਕਟਰ ਮਨਮੋਹਨ ਗਰਗ ਨੂੰ ਮਿਲਿਆ ਤਾਂ ਉਸ ਨੇ ਰਮਨਜੀਤ ਨੂੰ ਅਪਮਾਨਜਨਕ ਸ਼ਬਦ ਬੋਲੇ ਅਤੇ ਨਤੀਜੇ ਭੁਗਤਣ ਦੀਆਂ ਧਮਕੀਆਂ ਦਿੱਤੀਆਂ। ਇਸ ਉਪਰੰਤ ਕਾਲਜ ਪ੍ਰਬੰਧਕਾਂ ਨੇ ਰਮਨਜੀਤ ਦੇ ਪਿਤਾ ਵਲੋਂ ਗਰੰਟੀ ਵਜੋਂ ਦਿੱਤੇ ਚੈੱਕ ਨੂੰ ਵਰਤ ਕੇ ਚੈੱਕ ਬਾਊਂਸ ਦਾ ਮਾਮਲਾ ਕੋਰਟ ਵਿੱਚ ਕਰ ਦਿੱਤਾ ਗਿਆ। ਕੋਰਟ ਕਾਰਵਾਈ ਚਲ ਪਈ, ਜਿਸਦੀ ਫੈਂਸਲੇ ਦੇ ਲੱਗਭੱਗ ਤਰੀਕ 2ਅਪ੍ਰੈਲ 2025 ਸੀ। ਇਸ ਸਬੰਧੀ ਰਮਨਜੀਤ ਸਿੰਘ ਵਲੋਂ ਕਮਿਸ਼ਨ ਨੂੰ ਇਨਸਾਫ਼ ਦੁਆਉਣ ਦੀ ਮੰਗ ਕੀਤੀ ਸੀ।

ਜਿਸ ਸਬੰਧੀ ਕਾਰਵਾਈ ਕਰਦਿਆਂ ਕਮਿਸ਼ਨ ਵਲੋਂ ਕਾਲਜ ਪ੍ਰਬੰਧਕਾਂ ਨੂੰ 1ਅਪ੍ਰੈਲ 2025 ਨੂੰ ਤਲਬ ਕੀਤਾ ਗਿਆ ਸੀ ਅਤੇ ਉਨ੍ਹਾਂ ਨੂੰ ਰਮਨਜੀਤ ਸਿੰਘ ਦੇ ਪਿਤਾ ਵਿਰੁੱਧ ਕੀਤੇ ਗਏ ਚੈੱਕ ਬਾਊਂਸ ਦੇ ਮਾਮਲੇ ਨੂੰ ਵਾਪਸ ਲੈਣ ਦੇ ਹੁਕਮ ਦਿੱਤੇ ਗਏ ਸਨ। ਜਿਸ ਤੋਂ ਬਾਅਦ ਕਾਲਜ਼ ਪ੍ਰਬੰਧਕਾਂ ਨੇ ਅੱਜ ਕੋਰਟ ਵਿੱਚ ਲਿਖਤੀ ਬੇਨਤੀ ਦੇ ਕੇ ਇਹ ਕੇਸ ਵਾਪਸ ਲੈ ਲਿਆ, ਜਿਸ ਨਾਲ ਕਿ ਅਨੁਸੂਚਿਤ ਜਾਤੀ ਪਰਿਵਾਰ ਦਾ ਅਤੇ ਵਿਦਿਆਰਥੀ ਦਾ ਭਵਿੱਖ ਸੁਰੱਖਿਅਤ ਹੋ ਗਿਆ।

# ਮੁੱਲਾਂਪੁਰ ਦੇ ਰਾਜੂ ਜਿਊਲਰਜ ਦੇ ਮਾਲਕ ਪਰਵਿੰਦਰ ਲਵਲੀ ਦੀ ਗੋਲੀ ਲੱਗਣ ਕਾਰਨ ਹੋਈ ਮੌਤ



(ਲੋਕ ਬਾਣੀ) ਮੁੱਲਾਂਪੁਰ ਸ਼ਹਿਰ ਦੇ ਮਸ਼ਹੂਰ ਰਾਜੂ ਜਿਊਲਰਜ ਦੇ ਮਾਲਕ ਪਰਮਿੰਦਰ ਸਿੰਘ ਲਵਲੀ ਪੁੱਤਰ ਕੁਲਦੀਪ ਸਿੰਘ ਈਸੇਵਾਲ ਦੀ ਬੀਤੀ ਰਾਤ ਪਿੰਡ ਮਲਕ ਵਿਖੇ ਵਿਆਹ ਸਮਾਗਮ ਦੌਰਾਨ ਸ਼ੱਕੀ ਹਾਲਤ ਵਿੱਚ ਗੋਲੀ ਲੱਗਣ ਕਾਰਨ ਮੌਤ ਹੋ ਗਈ। ਪੁਲਿਸ ਥਾਣਾ ਸਦਰ ਦੇ ਅਧੀਨ ਆਉਂਦੇ ਪਿੰਡ ਮਲਕ ਵਿਖੇ ਕਿਸੇ ਰਿਸ਼ਤੇਦਾਰੀ ਦੇ ਵਿਆਹ ਸਮਾਗਮ ਤੇ ਪਰਮਿੰਦਰ ਸਿੰਘ ਲਵਲੀ ਜਾਗੋ ਤੇ ਗਏ ਹੋਏ ਸਨ ਰਾਤ ਕਰੀਬ 9 ਵਜੇ ਫਲੋਰ ਤੇ ਨੱਚਣ ਟੱਪਣ ਦੌਰਾਨ ਅਚਾਨਕ ਉਹਨਾਂ ਦੇ ਗੋਲੀ ਲੱਗ ਗਈ ਜਿਸ ਕਾਰਨ ਉਹਨਾਂ ਦੀ ਮੌਕੇ ਤੇ ਹੀ ਮੌਤ ਹੋ ਗਈ। ਘਟਨਾ ਦੀ ਜਾਣਕਾਰੀ ਮਿਲਦੇ ਹੀ ਥਾਣਾ ਸਦਰ ਦੇ ਮੁਖੀ ਸਬ ਇੰਸਪੈਕਟਰ ਸੁਰਜੀਤ ਸਿੰਘ ਸਮੇਤ ਪੁਲਿਸ ਪਾਰਟੀ ਪੁੱਜੇ ਅਤੇ ਮ੍ਰਿਤਕ ਦੀ ਲਾਸ਼ ਨੂੰ ਸਿਵਿਲ ਹਸਪਤਾਲ ਜਗਰਾਉਂ ਵਿਖੇ ਰੱਖਵਾਇਆ ਗਿਆ ਨਾਮਵਾਰ ਰਾਜੂ ਜਿਊਲਰਜ ਨੂੰ ਪਹਿਲਾ ਵੀ ਗੈਂਗਸਟਰਾਂ ਵੱਲੋਂ ਕਈ ਵਾਰ ਧਮਕੀਆਂ ਮਿਲ ਚੁੱਕੀਆਂ ਸਨ ਪੁਲਿਸ ਵੱਲੋਂ ਇਸ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਜਿਵੇਂ ਹੀ ਇਸ ਘਟਨਾ ਦੀ ਜਾਣਕਾਰੀ ਮੁੱਲਾਂਪੁਰ ਦਾਖਾ ਸ਼ਹਿਰ ਦੇ ਲੋਕਾਂ ਨੂੰ ਮਿਲੀ ਤਾਂ ਸ਼ਹਿਰ ਅੰਦਰ ਸੋਗ ਦੀ ਲਹਿਰ ਫੈਲ ਗਈ।

# ਵਿਜੀਲੈਂਸ ਬਿਊਰੋ ਨੇ 3.50 ਲੱਖ ਰੁਪਏ ਰਿਸ਼ਵਤ ਲੈਂਦੇ ਹੋਮਿਓਪੈਥਿਕ ਡਾਕਟਰ ਨੂੰ ਰੰਗੇ ਹੱਥੀਂ ਕੀਤਾ ਗ੍ਰਿਫ਼ਤਾਰ



ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਸ਼ੁੱਕਰਵਾਰ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਰੱਈਆ ਦੇ ਰਹਿਣ ਵਾਲੇ ਇੱਕ ਪ੍ਰਾਈਵੇਟ ਹੋਮਿਓਪੈਥਿਕ ਡਾਕਟਰ, ਡਾ. ਅਰਵਿੰਦ ਕੁਮਾਰ ਨੂੰ ਤਰਨਤਾਰਨ ਵਿੱਚ 3.50 ਲੱਖ ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ।

ਅੱਜ ਇੱਥੇ ਇਹ ਖੁਲਾਸਾ ਕਰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਪਟਿਆਲਾ ਜ਼ਿਲ੍ਹੇ ਦੇ ਕਸਬਾ ਪਾਤੜਾਂ ਦੇ ਵਸਨੀਕ ਅਸ਼ੋਕ ਕੁਮਾਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਕੀਤੀ ਗਈ ਹੈ। ਸ਼ਿਕਾਇਤ ਅਨੁਸਾਰ, ਡਾ. ਅਰਵਿੰਦ ਕੁਮਾਰ ਨੇ ਸ਼ੁਰੂ ਵਿੱਚ ਡਾ. ਸੁਮਿਤ ਸਿੰਘ, ਜੋ ਇਸ ਸਮੇਂ ਮਾਨਾਂਵਾਲਾ, ਅੰਮ੍ਰਿਤਸਰ ਵਿਖੇ ਸੀਨੀਅਰ ਮੈਡੀਕਲ ਅਫਸਰ (ਐਸਐਸਓ) ਵਜੋਂ ਸੇਵਾ ਨਿਭਾ ਰਿਹਾ ਹੈ, ਦੀ ਤਰਫੋਂ 5 ਲੱਖ ਰੁਪਏ ਦੀ ਰਿਸ਼ਵਤ ਮੰਗੀ ਸੀ। ਇਹ ਰਿਸ਼ਵਤ ਕਥਿਤ ਤੌਰ ’ਤੇ ਚੱਲ ਰਹੇ ਇੱਕ ਅਦਾਲਤੀ ਕੇਸ ਵਿੱਚ ਸ਼ਿਕਾਇਤਕਰਤਾ ਦੇ ਹੱਕ ਵਿੱਚ ਡਾ. ਸੁਮਿਤ ਸਿੰਘ ਦੀ ਗਵਾਹੀ ਦੇਣ ਦੇ ਇਵਜ਼ ਵਿੱਚ ਸੀ। ਬਾਅਦ ਵਿੱਚ ਇਹ ਰਕਮ 3.50 ਲੱਖ ਰੁਪਏ ਤੱਕ ਘਟਾ ਦਿੱਤੀ ਗਈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਹ ਮਾਮਲਾ ਐਸਐਮਓ ਰਾਜੇਸ਼ ਕੁਮਾਰ ਦੀ ਸ਼ਿਕਾਇਤ ਦੇ ਆਧਾਰ ’ਤੇ ਪਾਤੜਾਂ ਪੁਲਿਸ ਸਟੇਸ਼ਨ ਵਿੱਚ ਪੀਐਨਡੀਟੀ ਐਕਟ ਅਤੇ ਐਨਡੀਪੀਐਸ ਐਕਟ ਤਹਿਤ ਅਸ਼ੋਕ ਕੁਮਾਰ ਅਤੇ ਹੋਰਾਂ ਵਿਰੁੱਧ ਦਰਜ ਕੀਤੇ ਗਏ ਕੇਸ ਨਾਲ ਸਬੰਧਤ ਹੈ। ਡਾ. ਸੁਮਿਤ ਸਿੰਘ ਇਸ ਮਾਮਲੇ ਵਿੱਚ ਇੱਕ ਮੁੱਖ ਗਵਾਹ ਹਨ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਤਰਨਤਾਰਨ ਵਿਖੇ ਡਾ. ਅਰਵਿੰਦ ਕੁਮਾਰ, ਜੋ ,ਸਰਹੱਦੀ ਖੇਤਰ ਦੇ ਵਸਨੀਕਾਂ ਦੀ ਭਲਾਈ, ਖਾਸ ਕਰਕੇ ਦਾਜ ਦੇ ਮਾਮਲਿਆਂ ਅਤੇ ਮਹਿਲਾ ਸਸ਼ਕਤੀਕਰਨ ਲਈ ਕੰਮ ਕਰਨ ਵਾਲੀ ਇੱਕ ਰਾਸ਼ਟਰੀ ਪੱਧਰ ਦੀ ਕਮੇਟੀ, ‘ਸਰਹਦੀ ਲੋਕ ਸੇਵਾ ਸਮਿਤੀ’ ਦੇ ਦਫ਼ਤਰ ਵਿੱਚ ਮੌਜੂਦ ਸਨ, ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 3.50 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਸਬੂਤ ਵਜੋਂ ਪੇਸ਼ ਕੀਤੀਆਂ ਗਈਆਂ ਆਡੀਓ ਰਿਕਾਰਡਿੰਗਾਂ ਨੇ ਰਿਸ਼ਵਤ ਦੀ ਮੰਗ ਦੀ ਪੁਸ਼ਟੀ ਕੀਤੀ, ਜਿਸ ਕਾਰਨ ਗ੍ਰਿਫਤਾਰੀ ਸੰਭਵ ਹੋਈ। ਇਸ ਸਬੰਧ ਵਿੱਚ ਡਾ. ਅਰਵਿੰਦ ਕੁਮਾਰ ਵਿਰੁੱਧ ਮੋਹਾਲੀ ਵਿਖੇ ਵਿਜੀਲੈਂਸ ਬਿਊਰੋ ਪੁਲਿਸ ਸਟੇਸ਼ਨ, ਪੰਜਾਬ ਦੇ ਫਲਾਇੰਗ ਸਕੁਐਡ-1 ਵਿਖੇ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਮੁਲਜ਼ਮ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹੋਰ ਜਾਂਚ ਜਾਰੀ ਹੈ, ਅਤੇ ਡਾ. ਸੁਮਿਤ ਸਿੰਘ ਅਤੇ ਇਸ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਭੂਮਿਕਾ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾਵੇਗੀ

# ਚੰਡੀਗੜ੍ਹ ਮੁੱਲਾਂਪੁਰ ਸਟੇਡੀਅਮ ਚ ਰਾਜਸਥਾਨ ਰਾਇਲਜ਼ ਤੇ ਪੰਜਾਬ ਕਿੰਗਜ਼ ਦੇ ਖਿਡਾਰੀਆਂ ਨੇ ਕੀਤਾ ਅਭਿਆਸ, 5 ਅਪ੍ਰੈਲ ਨੂੰ ਮੁਕਾਬਲਾ




ਚੰਡੀਗੜ੍ਹ-(ਲੋਕ ਬਾਣੀ) ਇੰਡੀਅਨ ਪ੍ਰੀਮੀਅਰ ਲੀਗ () ਦੇ 18ਵੇਂ ਸੀਜ਼ਨ ਵਿੱਚ, ਪੰਜਾਬ ਕਿੰਗਜ਼ () ਅਤੇ ਰਾਜਸਥਾਨ ਰਾਇਲਜ਼ () ਵਿਚਕਾਰ 5 ਅਪ੍ਰੈਲ ਨੂੰ ਮੁੱਲਾਂਪੁਰ, ਚੰਡੀਗੜ੍ਹ ਦੇ ਨਿਊ ਪੀਸੀਏ ਸਟੇਡੀਅਮ ਵਿੱਚ ਮੈਚ ਖੇਡਿਆ ਜਾਵੇਗਾ। ਇਸ ਦੇ ਲਈ ਦੋਵਾਂ ਟੀਮਾਂ ਨੇ ਵੀਰਵਾਰ ਨੂੰ ਸ਼ਾਮ 5 ਤੋਂ 7 ਵਜੇ ਤੱਕ ਅਭਿਆਸ ਕੀਤਾ।

ਇਸ ਦੌਰਾਨ ਪੰਜਾਬ ਕਿੰਗਜ਼ ਦੇ ਯੁਜਵੇਂਦਰ ਚਾਹਲ ਅਤੇ ਰਾਜਸਥਾਨ ਰਾਇਲਜ਼ ਦੇ ਧਰੁਵ ਜੂਰੇਲ ਇੱਕ ਦੂਜੇ ਨੂੰ ਗਲੇ ਲਗਾਉਂਦੇ ਨਜ਼ਰ ਵੀ ਆਏ।ਦੋਵੇਂ ਟੀਮਾਂ ਬੁੱਧਵਾਰ ਨੂੰ ਚੰਡੀਗੜ੍ਹ ਪਹੁੰਚੀਆਂ। ਖਿਡਾਰੀਆਂ ਨੂੰ ਦੇਖਣ ਲਈ ਲੋਕਾਂ ਦੀ ਭੀੜ ਇਕੱਠੀ ਹੋ ਗਈ। ਪਿਛਲੇ ਮੈਚ ਵਿੱਚ ਪੰਜਾਬ ਕਿੰਗਜ਼ ਨੇ ਲਖਨਊ ਸੁਪਰ ਜਾਇੰਟਸ ਨੂੰ ਹਰਾਇਆ ਸੀ। ਪੰਜਾਬ ਕਿੰਗਜ਼ ਨੇ ਹੁਣ ਤੱਕ 2 ਮੈਚ ਖੇਡੇ ਹਨ ਅਤੇ ਟੀਮ ਨੇ ਦੋਵੇਂ ਮੈਚ ਜਿੱਤੇ ਹਨ। ਮੁੱਲਾਂਪੁਰ ਕ੍ਰਿਕਟ ਸਟੇਡੀਅਮ ਪੰਜਾਬ ਕਿੰਗਜ਼ ਦਾ ਘਰੇਲੂ ਮੈਦਾਨ ਹੈ। ਟੀਮ ਇੱਥੇ ਕੁੱਲ ਚਾਰ ਮੈਚ ਖੇਡੇਗੀ, ਜਦਕਿ ਕੁਝ ਮੈਚ ਧਰਮਸ਼ਾਲਾ ਸਟੇਡੀਅਮ ਚ ਹੋਣਗੇ। ਆਈਪੀਐਲ ਸ਼ੁਰੂ ਹੋਣ ਤੋਂ ਪਹਿਲਾਂ ਪੰਜਾਬ ਕਿੰਗਜ਼ ਨੇ ਇਸ ਸਟੇਡੀਅਮ ਵਿੱਚ ਆਪਣਾ ਅਭਿਆਸ ਕੈਂਪ ਲਾਇਆ ਸੀ।

# ਮੋਗਾ ਪੁਲਿਸ ਦੀ ਨਸ਼ਾ ਤਸਕਰਾਂ ਉੱਪਰ ਵੱਡੀ ਕਾਰਵਾਈ, 3 .5 ਕਰੋੜ ਤੋਂ ਵਧੇਰੇ ਦੀ ਜਾਇਦਾਦ ਜਬਤ

ਮੋਗਾ, (ਲੋਕ ਬਾਣੀ)- ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿਮ ਤਹਿਤ ਮੋਗਾ ਪੁਲਿਸ ਵੱਲੋਂ ਕਾਰਵਾਈਆਂ ਜੰਗੀ ਪੱਧਰ ਉੱਪਰ ਜਾਰੀ ਹਨ। ਡਾਇਰੈਕਟਰ ਜਨਰਲ ਆਫ ਪੁਲਿਸ ਪੰਜਾਬ ਸ਼੍ਰੀ ਅਸ਼ਵਨੀ ਕਪੂਰ, ਡਿਪਟੀ ਇੰਸਪੈਕਟਰ ਜਨਰਲ ਪੁਲਿਸ ਫਰੀਦਕੋਟ ਰੇਂਜ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੀਨੀਅਰ ਕਪਤਾਨ ਪੁਲਿਸ ਮੋਗਾ ਸ਼੍ਰੀ ਅਜੇ ਗਾਂਧੀ ਦੀ ਅਗਵਾਈ ਹੇਠ ਨਸ਼ਿਆਂ ਖਿਲਾਫ ਵਿੱਢੀ ਇਸ ਮੁਹਿਮ ਤਹਿਤ ਨਸ਼ਾ ਸਮਗਲਰਾਂ/ਤਸਕਰਾਂ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ।



ਇਸੇ ਮੁਹਿਮ ਤਹਿਤ ਉਪ ਕਪਤਾਨ ਪੁਲਿਸ ਧਰਮਕੋਟ ਸ਼੍ਰੀ ਰਮਨਦੀਪ ਸਿੰਘ ਦੀ ਨਿਗਰਾਨੀ ਹੇਠ ਸਬ ਇੰਸਪੈਕਟਰ ਸੁਨੀਤਾ ਰਾਣੀ ਮੁੱਖ ਅਫ਼ਸਰ ਥਾਣਾ ਕੋਟ ਈਸੇ ਖਾਂ ਵੱਲੋਂ ਇੱਕ ਐਨ.ਡੀ.ਪੀ.ਐਸ. ਐਕਟ ਮੁਕੱਦਮੇ ਦੇ ਦੋਸ਼ੀ ਅਰਸ਼ਦੀਪ ਸਿੰਘ ਉਰਫ ਕਾਲੂ ਪੁੱਤਰ ਚੰਦ ਸਿੰਘ ਵਾਸੀ ਦੌਲੇਵਾਲਾ ਅਤੇ ਸੁਖਜੀਤ ਸਿੰਘ ਉਰਫ ਸੁੱਖਾ ਪੁੱਤਰ ਬਾਗ ਸਿੰਘ ਵਾਸੀ ਦੌਲੇਵਾਲਾ ਅਤੇ ਇੱਕ ਹੋਰ ਮੁਕੱਦਮੇ ਦੇ ਦੋਸ਼ੀ ਸੰਦੀਪ ਸਿੰਘ ਪੁੱਤਰ ਬਲਵੰਤ ਸਿੰਘ, ਗੁਰਜੰਟ ਸਿੰਘ ਪੁੱਤਰ ਸੁਬੇਗ ਸਿੰਘ, ਗੁਰਚਰਨ ਸਿੰਘ ਗੰਜਾ ਪੁੱਤਰ ਪਰਮਜੀਤ ਸਿੰਘ ਬਿੱਟੂ, ਗੁਰਵਿੰਦਰ ਉਰਫ ਸਾਗਰ ਪੁੱਤਰ ਨਿਰਮਲ ਸਿੰਘ ਅਤੇ ਸੌਰਵ ਉਪਰ ਮੰਗਾ ਪੁੱਤਰ ਨਿਰਮਲ ਸਿੰਘ ਵਾਸੀ ਕੋਟ ਈਸੇ ਖਾਂ ਣਤੇ ਇਸ ਤੋਂ ਇਲਾਵਾ ਬਲਵੰਤ ਸਿੰਘ (ਪਿਤਾ ਸੰਦੀਪ ਸਿੰਘ), ਸੁਬੇਗ ਸਿੰਘ (ਪਿਤਾ ਗੁਰਜੰਟ ਸਿੰਘ), ਪਰਮਜੀਤ ਸਿੰਘ ਬਿੱਟੂ (ਪਿਤਾ ਗੁਰਚਰਨ ਸਿੰਘ) ਵਾਸੀ ਕੋਟ ਈਸੇ ਖਾਂ ਦੀ ਪ੍ਰਾਪਰਟੀ ਨੂੰ ਅਟੈਚ ਕਰਨ ਸਬੰਧੀ ਉਸਦੇ ਘਰ ਦੇ ਬਾਹਰ ਪੋਸਟਰ ਚਿਪਕਾਏ ਗਏ। ਇਸ ਪ੍ਰਾਪਰਟੀ ਦੀ ਕੀਮਤ ਕਰੀਬ 3 ਕਰੋੜ 50 ਲੱਖ 3 ਹਜ਼ਾਰ ਹੈ।

ਸ਼੍ਰੀ ਰਮਨਦੀਪ ਸਿੰਘ ਨੇ ਦੱਸਿਆ ਕਿ ਜਾਇਦਾਦ ਦੀ ਪੜਤਾਲ ਕਰਨ ਤੇ ਇਹ ਗੱਲ ਸਾਹਮਣੇ ਆਈ ਹੈ ਕਿ ਉਕਤ ਜਾਇਦਾਦ ਇਹਨਾਂ ਨੇ ਗੈਰ ਕਾਨੂੰਨੀ ਤਰੀਕੇ ਨਾਲ ਖਰੀਦ ਕੇ ਬਣਾਈ ਸੀ। ਜਿਸਨੂੰ ਐਨ.ਡੀ.ਪੀ.ਐਸ. ਐਕਟ ਦੀ ਧਾਰਾ 68-ਐਫ (2) ਤਹਿਤ ਭਾਰਤ ਸਰਕਾਰ ਦੇ ਵਿੱਤ ਵਿਭਾਗ ਦੇ ਸਮਰੱਥ ਅਧਿਕਾਰੀ ਪਾਸੋਂ ਮਨਜੂਰੀ ਹਾਸਲ ਕਰਨ ਉਪਰੰਤ ਅਟੈਚ ਕਰ ਦਿੱਤਾ ਗਿਆ ਹੈ। ਉਹਨਾਂ ਦੱਸਿਆ ਕਿ ਭਵਿੱਖ ਵਿੱਚ ਹੋਰ ਵੀ ਨਸ਼ਾ ਤਸਕਰਾਂ ਦੇ ਖਿਲਾਫ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਉਹਨਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਮੁਕਤ ਪੰਜਾਬ ਸਿਰਜਨ ਵਿੱਚ ਪੁਲਿਸ ਵਿਭਾਗ ਨੂੰ ਸਹਿਯੋਗ ਦੇਣ ਅਤੇ ਜੇਕਰ ਉਹਨਾਂ ਪਾਸ ਨਸ਼ਾ ਵੇਚਣ ਅਤੇ ਖਰੀਦਣ ਜਾਂ ਕਰਨ ਆਦਿ ਸਬੰਧੀ ਜਾਣਕਾਰੀ ਹੈ ਤਾਂ ਉਹ ਮੋਗਾ ਪੁਲਿਸ ਦੇ ਕੰਟਰੋਲ ਨੰਬਰ 96568-96568 ਜਾਂ ਸੇਫ ਪੰਜਾਬ ਹੈਲਪਲਾਈਨ ਨੰਬਰ 97791-00200 ਉਪਰ ਸੂਚਿਤ ਕਰ ਸਕਦੇ ਹਨ, ਉਹਨਾਂ ਦੀ ਪਛਾਣ ਨੂੰ ਗੁਪਤ ਰੱਖਿਆ ਜਾਵੇਗਾ। ਮੋਗਾ ਪੁਲਿਸ ਕਿਸੇ ਵੀ ਗੈਰ ਕਾਨੂੰਨੀ ਗਤੀਵਿਧੀ ਨੂੰ ਰੋਕਣ ਲਈ ਦ੍ਰਿੜ ਹੈ ਅਤੇ ਭਵਿੱਖ ਵਿੱਚ ਵੀ ਮਾੜੇ ਅਨਸਰਾਂ ਖਿਲਾਫ ਇਸੇ ਤਰ੍ਹਾਂ ਦੀਆਂ ਕਾਰਵਾਈਆਂ ਜਾਰੀ ਰਹਿਣਗੀਆਂ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਅਤੇ ਸਮਾਜ ਦੇ ਮਾੜੇ ਅਨਸਰਾਂ ਖਿਲਾਫ ਵਿੱਢੀ ਗਈ ਮੁਹਿੰਮ ਅਧੀਨ ਨਸ਼ਿਆਂ ਦੇ ਖਾਤਮੇ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।

ਜਿਕਰਯੋਗ ਹੈ ਕਿ ਮੋਗਾ ਪੁਲਿਸ ਵੱਲੋ ਨਸ਼ਿਆਂ ਖਿਲਾਫ ਕੀਤੀ ਜਾ ਰਹੀ ਕਾਰਵਾਈ ਤੋਂ ਆਮ ਪਬਲਿਕ ਵੀ ਬਹੁਤ ਖੁਸ਼ ਹੈ ਅਤੇ ਇਸ ਕਾਰਵਾਈ ਸਬੰਧੀ ਪੁਲਿਸ ਦੀ ਸ਼ਲਾਘਾ ਵੀ ਕਰ ਰਹੀ ਹੈ।

# Congress MLA ਰਾਣਾ ਗੁਰਜੀਤ ਦੀ 22 ਕਰੋੜ ਦੀ ਜਾਇਦਾਦ ਨੂੰ ਈਡੀ ਨੇ ਕੀਤਾ ਜਬਤ



(ਲੋਕ ਬਾਣੀ) ਕਪੂਰਥਲਾ ਤੋਂ ਕਾਂਗਰਸੀ ਵਿਧਾਇਕ ਰਾਣਾ ਗੁਰਜੀਤ ਦੀ ਈਡੀ ਨੇ 22 ਕਰੋੜ ਦੀ ਜਾਇਦਾਦ ਨੂੰ ਜਬਤ ਕਰ ਲਿਆ ਹੈ। ਈਡੀ ਵੱਲੋਂ ਦਿੱਤੀ ਗਈ ਜਾਣਕਾਰੀ ਮੁਤਾਬਿਕ ਕਾਂਗਰਸੀ ਵਿਧਾਇਕ ਰਾਣਾ ਗੁਰਜੀਤ ਦੀ ਸ਼ੂਗਰ ਦੀ ਵੱਖ ਵੱਖ ਥਾਵਾਂ 'ਤੇ 22 ਕਰੋੜ ਦੀ ਜਾਇਦਾਦ ਨੂੰ ਜਬਤ ਕੀਤਾ ਗਿਆ ਹੈ। ਇਹ ਕਾਰਵਾਈ ਐਫਈਐਮਏ ਦੇ ਅਧੀਨ ਕੀਤੀ ਗਈ ਹੈ।

ਮਿਲੀ ਜਾਣਕਾਰੀ ਮੁਤਾਬਿਕ 2005 ਤੋਂ ਲੈ ਕੇ 2007 ਤੱਕ ਵਿਦੇਸ਼ੀ ਬੈਂਕਾਂ ਤੋਂ ਕਰੀਬ 100 ਕਰੋੜ ਯਾਨੀ ਕਿ 18 ਮਿਲੀਅਨ ਸ਼ੇਅਰ ਹੋਲਡਰ ਦੇ ਜਰੀਏ ਲੋਨ ਲਿਆ ਸੀ। ਜਿਸ ਦੇ ਬਾਰੇ ਸੇਬੀ ਅਤੇ ਆਰਬੀਆਈ ਜਾਣਕਾਰੀ ਨਹੀਂ ਦਿੱਤੀ ਗਈ ਸੀ। ਇਸੇ ਮਾਮਲੇ ਦੇ ਵਿੱਚ ਸਾਲ 2018 ਵਿੱਚ ਰਾਣਾ ਗੁਰਜੀਤ ਦੇ ਪੁੱਤਰ ਰਾਣਾ ਇੰਦਰ ਪ੍ਰਤਾਪ ਕੋਲੋਂ ਵੀ ਈਡੀ ਵੱਲੋਂ ਪੁੱਛ ਕਿਛ ਕੀਤੀ ਗਈ ਸੀ। ਇਸ ਮਾਮਲੇ 'ਚ ਜੀਡੀਆਰ ਨੂੰ ਅਣਦੇਖਾ ਕੀਤਾ ਗਿਆ ਹੈ।

# ਸ਼ਰਧਾਲੂਆਂ ਦੀ ਸਹੂਲਤ ਲਈ ਸ੍ਰੀ ਆਨੰਦਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਵਿਚਕਾਰ ਰੋਪਵੇਅ ਸ਼ੁਰੂ ਕਰਨ ਲਈ ਹਰ ਸੰਭਵ ਯਤਨ ਕਰਾਂਗੇ: ਮੁੱਖ ਮੰਤਰੀ

ਨੈਣਾ ਦੇਵੀ,(ਲੋਕ ਬਾਣੀ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਨੂੰ ਐਲਾਨ ਕੀਤਾ ਕਿ ਸੂਬਾ ਸਰਕਾਰ, ਸ਼ਰਧਾਲੂਆਂ ਦੀ ਸਹੂਲਤ ਲਈ ਸ੍ਰੀ ਆਨੰਦਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਜੀ ਵਿਚਕਾਰ ਰੋਪਵੇਅ ਸ਼ੁਰੂ ਕਰਨ ਲਈ ਹਰ ਸੰਭਵ ਯਤਨ ਕਰੇਗੀ।



ਮਾਤਾ ਸ੍ਰੀ ਨੈਣਾ ਦੇਵੀ ਜੀ ਮੰਦਰ ਵਿਖੇ ਮੱਥਾ ਟੇਕਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਹਿਮਾਚਲ ਪ੍ਰਦੇਸ਼ ਦੇ ਆਪਣੇ ਹਮਰੁਤਬਾ ਨੂੰ ਬੇਨਤੀ ਕਰਨਗੇ ਕਿ ਉਹ ਵੱਡੇ ਜਨਤਕ ਹਿੱਤਾਂ ਲਈ ਇਸ ਪ੍ਰੋਜੈਕਟ ਨੂੰ ਤੇਜ਼ੀ ਨਾਲ ਨੇਪਰੇ ਚੜ੍ਹਾਉਣ ਲਈ ਅਧਿਕਾਰੀਆਂ ਦਾ ਇੱਕ ਸਾਂਝਾ ਐਕਸ਼ਨ ਗਰੁੱਪ ਬਣਾਉਣ। ਉਨ੍ਹਾਂ ਆਸ ਪ੍ਰਗਟਾਈ ਕਿ ਕਿ ਰੋਪਵੇਅ ਇਨ੍ਹਾਂ ਦੋਵਾਂ ਇਤਿਹਾਸਕ ਅਤੇ ਧਾਰਮਿਕ ਸਥਾਨਾਂ 'ਤੇ ਦਰਸ਼ਨਾਂ ਲਈ ਜਾਣ ਵਾਲੇ ਲੱਖਾਂ ਸ਼ਰਧਾਲੂਆਂ ਨੂੰ ਸੁਚਾਰੂ ਅਤੇ ਨਿਰਵਿਘਨ ਆਵਾਜਾਈ ਦੀ ਸਹੂਲਤ ਪ੍ਰਦਾਨ ਕਰੇਗਾ। ਉਨ੍ਹਾਂ ਦੁੱਖ ਪ੍ਰਗਟ ਕੀਤਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਕੂੜ-ਪ੍ਰਚਾਰ ਤੇ ਬੇਅਰਥ ਦਾਅਵਿਆਂ ਦੇ ਬਾਵਜੂਦ ਇਹ ਪ੍ਰੋਜੈਕਟ ਸਿਰੇ ਨਹੀਂ ਚੜ੍ਹ ਸਕਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਸ੍ਰੀ ਆਨੰਦਪੁਰ ਸਾਹਿਬ ਅਤੇ ਹਿਮਾਚਲ ਪ੍ਰਦੇਸ਼ ਵਿੱਚ ਸ੍ਰੀ ਨੈਣਾ ਦੇਵੀ, ਦੁਨੀਆ ਭਰ ਦੇ ਸ਼ਰਧਾਲੂਆਂ ਦੁਆਰਾ ਜਾਣ ਵਾਲੇ ਪ੍ਰਸਿੱਧ ਤੀਰਥ ਸਥਾਨ ਹਨ ਅਤੇ ਇਹ ਰੋਪਵੇਅ ਸ਼ਰਧਾਲੂਆਂ ਨੂੰ ਇੱਕ ਦੂਜੇ ਤੋਂ ਕਾਫ਼ੀ ਦੂਰ ਸਥਿਤ ਇਨ੍ਹਾਂ ਦੋਵਾਂ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦੀ ਸੁਖਾਲੀ ਸਹੂਲਤ ਪ੍ਰਦਾਨ ਕਰੇਗਾ।

ਇਸ ਦੌਰਾਨ ਨਵਰਾਤਿਆਂ ਦੇ ਚੱਲ ਰਹੇ ਤਿਉਹਾਰ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸ਼ਕਤੀਪੀਠ ਸ੍ਰੀ ਮਾਤਾ ਨੈਣਾ ਦੇਵੀ ਜੀ ਵਿਖੇ ਮੱਥਾ ਟੇਕਿਆ ਅਤੇ ਸੂਬੇ ਦੀ ਤਰੱਕੀ ਅਤੇ ਲੋਕਾਂ ਦੀ ਖ਼ੁਸ਼ਹਾਲੀ ਲਈ ਪ੍ਰਾਰਥਨਾ ਕੀਤੀ। ਲੋਕਾਂ ਨੂੰ ਨਵਰਾਤਿਆਂ ਦੇ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨਵਰਾਤਿਆਂ ਦਾ ਤਿਉਹਾਰ ਮਾਤਾ ਦੁਰਗਾ ਦੇਵੀ ਦੀ ਦੈਂਤਾਂ ਉੱਤੇ ਜਿੱਤ ਦਾ ਪ੍ਰਤੀਕ ਹੈ, ਜੋ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਜਸ਼ਨ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਇਸ ਪਵਿੱਤਰ ਧਰਤੀ 'ਤੇ ਪੰਜਾਬ ਵਿੱਚੋਂ ਨਸ਼ਿਆਂ ਦੇ ਦੈਂਤ ਨੂੰ ਖ਼ਤਮ ਕਰਨ ਲਈ ਮਾਂ ਦੁਰਗਾ ਦਾ ਆਸ਼ੀਰਵਾਦ ਲੈਣ ਆਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਉਹ ਪਵਿੱਤਰ ਦਿਨ ਹਨ, ਜਦੋਂ ਫ਼ਿਜ਼ਾ ਵਿੱਚ ਹੀ ਸ਼ਰਧਾ ਅਤੇ ਉਤਸ਼ਾਹ ਹੁੰਦਾ ਹੈ ਕਿਉਂਕਿ ਸ਼ਰਧਾਲੂ ਦੇਵੀ ਦੁਰਗਾ ਦੀ ਵੱਖ-ਵੱਖ ਰੂਪਾਂ ਵਿੱਚ ਪੂਜਾ ਕਰਦੇ ਹਨ। ਉਨ੍ਹਾਂ ਕਿਹਾ ਕਿ ਇਹ ਅਧਿਆਤਮਕ ਚਿੰਤਨ, ਵਰਤ, ਪ੍ਰਾਰਥਨਾ ਅਤੇ ਸਿਹਤ, ਖ਼ੁਸ਼ਹਾਲੀ ਤੇ ਭਲਾਈ ਲਈ ਅਸੀਸ ਲੈਣ ਦਾ ਸਮਾਂ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਸੂਬੇ ਦੀ ਸੇਵਾ ਹੋਰ ਜੋਸ਼ ਅਤੇ ਲਗਨ ਨਾਲ ਕਰਨ ਲਈ ਮਾਂ ਦੁਰਗਾ ਤੋਂ ਆਸ਼ੀਰਵਾਦ ਲੈਣ ਲਈ ਪਾਵਨ ਸ਼ਕਤੀਪੀਠ ਵਿਖੇ ਮੱਥਾ ਟੇਕਿਆ।ਮੁੱਖ ਮੰਤਰੀ ਨੇ ਅਰਦਾਸ ਕੀਤੀ ਕਿ ਮਾਤਾ ਰਾਣੀ ਉਨਾਂ ਨੂੰ ਸੂਬੇ ਦੇ ਲੋਕਾਂ ਦੀ ਪੂਰੀ ਨਿਮਰਤਾ ਅਤੇ ਸਮਰਪਣ ਭਾਵਨਾ ਨਾਲ ਸੇਵਾ ਕਰਨ ਦਾ ਬਲ ਬਖ਼ਸ਼ਣ। ਉਨ੍ਹਾਂ ਨੇ ਮਾਤਾ ਰਾਣੀ ਤੋਂ ਜਾਤ, ਰੰਗ, ਨਸਲ ਅਤੇ ਧਰਮ ਦੇ ਭੇਦ-ਭਾਵ ਤੋਂ ਉੱਤੇ ਉੱਠ ਕੇ ਸੂਬੇ ਦੇ ਲੋਕਾਂ ਦੀ ਸੇਵਾ ਕਰਨ ਦਾ ਆਸ਼ੀਰਵਾਦ ਮੰਗਿਆ ਤਾਂ ਜੋ ਸਦਭਾਵਨਾ ਵਾਲਾ ਸਮਾਜ ਸਿਰਜਿਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਮਾਜ ਵਿੱਚ ਪਿਆਰ, ਭਾਈਚਾਰਾ ਅਤੇ ਸਦਭਾਵਨਾ ਦੇ ਸਿਧਾਂਤਾਂ ਨੂੰ ਹਰ ਹੀਲੇ ਬਰਕਰਾਰ ਰੱਖਣਾ, ਉਨ੍ਹਾਂ ਦੀ ਸਰਕਾਰ ਦੀ ਤਰਜੀਹ ਰਹੇਗੀ।

ਮੁੱਖ ਮੰਤਰੀ ਨੇ ਪੰਜਾਬ ਦੇ ਲੋਕਾਂ ਦੀ ਇਮਾਨਦਾਰੀ, ਸਮਰਪਣ ਅਤੇ ਵਚਨਬੱਧਤਾ ਨਾਲ ਸੇਵਾ ਕਰਨ ਦੀ ਜ਼ਿੰਮੇਵਾਰੀ ਸੌਂਪਣ ਲਈ ਮਾਤਾ ਰਾਣੀ ਦਾ ਸ਼ੁਕਰਾਨਾ ਕੀਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੁਨੀਆ ਭਰ ਦੇ ਲੱਖਾਂ ਲੋਕਾਂ ਲਈ ਪ੍ਰੇਰਨਾ ਅਤੇ ਸਾਕਾਰਾਤਮਕਤਾ ਦਾ ਸਰੋਤ ਇਸ ਪਵਿੱਤਰ ਅਸਥਾਨ ਦੇ ਦਰਸ਼ਨ ਕਰਨਾ ਉਨ੍ਹਾਂ ਲਈ ਵਿਲੱਖਣ ਅਨੁਭਵ ਰਿਹਾ। ਉਨ੍ਹਾਂ ਕਿਹਾ ਕਿ ਪਰਮਾਤਮਾ ਦੀ ਕਿਰਪਾ ਨਾਲ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਕੋਈ ਕਸਰ ਨਹੀਂ ਛੱਡ ਰਹੇ ਹਨ ਅਤੇ ਸਰਕਾਰ ਵੱਲੋਂ ਲੋਕ-ਪੱਖੀ ਤੇ ਵਿਕਾਸ-ਮੁਖੀ ਨੀਤੀਆਂ ਲਾਗੂ ਕਰਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

# ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਚ ਜਥੇਦਾਰ ਗੜਗੱਜ ਦਾ ਵਿਰੋਧ, ਸਿਰੋਪਾ ਦੇਣ ਤੋਂ ਰੋਕਿਆ



(ਲੋਕ ਬਾਣੀ) ਬੱਬਰ ਖ਼ਾਲਸਾ ਇੰਟਰਨੈਸ਼ਨਲ ਜਥੇਬੰਦੀ ਦੇ ਜਨਰਲ ਸਕੱਤਰ ਭਾਈ ਮਹਿਲ ਸਿੰਘ ਬੱਬਰ ਦੀ ਆਤਮਿਕ ਸ਼ਾਂਤੀ ਲਈ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਵੱਲੋਂ ਬੱਬਰ ਦੇ ਪਰਿਵਾਰ ਨੂੰ ਸਿਰੋਪਾ ਭੇਟ ਕਰਨਾ ਲੱਗੇ ਤਾਂ ਸੰਗਤ ਵਿਚੋਂ ਅਕਾਲੀ ਦਲ ਮਾਨ ਦੇ ਆਗੂ ਜਰਨੈਲ ਸਿੰਘ ਸਖ਼ੀਰਾ ਉੱਠੇ ਅਤੇ ਉਨ੍ਹਾਂ ਜਥੇਦਾਰ ਨੂੰ ਸਿਰੋਪਾ ਦੇਣ ਤੋਂ ਰੋਕ ਦਿੱਤਾ।

ਇਸ ਮੌਕੇ ਉਸ ਵਿਅਕਤੀ ਵੱਲੋਂ ਇਹ ਕਿਹਾ ਗਿਆ ਕਿ ਸੰਗਤ ਉਨ੍ਹਾਂ ਨੂੰ ਜਥੇਦਾਰ ਹੀ ਨਹੀਂ ਮੰਨਦੀ। ਤੁਸੀਂ ਸਰੋਪਾ ਨਾ ਦਿਓ। ਇਸ ਤੋਂ ਬਾਅਦ ਜਥੇਦਾਰ ਗੜਗੱਜ ਹੱਥ ਜੋੜ ਕੇ ਸੰਗਤ ਵਿਚ ਬੈਠ ਗਏ। ਜਿਸ ਤੋਂ ਬਾਅਦ ਐਸਜੀਪੀਸੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਪਰਿਵਾਰ ਨੂੰ ਸਿਰੋਪਾ ਭੇਟ ਕੀਤਾ।

ਇਸ ਸਮਾਗਮ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਵ ਨਿਯੁਕਤ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸਮੇਤ ਅਖੰਡ ਕੀਰਤਨੀ ਜਥੇ ਦੇ ਮੁਖੀ ਜਥੇਦਾਰ ਬਖ਼ਸ਼ੀਸ਼ ਸਿੰਘ, ਭਾਈ ਭੁਪਿੰਦਰ ਸਿੰਘ ਭਲਵਾਨ ਜਰਮਨੀ ਪ੍ਰੋਫ਼ੈਸਰ ਬਲਜਿੰਦਰ ਸਿੰਘ ਤੇ ਬਾਪੂ ਗੁਰਚਰਨ ਸਿੰਘ ਪਟਿਆਲਾ ਹਵਾਰਾ ਕਮੇਟੀ, ਕਵਰਪਾਲ ਸਿੰਘ ਬਿੱਟੂ ਦਲ ਖ਼ਾਲਸਾ, ਭਾਈ ਮਹਾਵੀਰ ਸਿੰਘ ਸੁਲਤਾਨਵਿੰਡ ਸੁਖਦੇਵ ਸਿੰਘ ਬਾਬਾ ਸਮੇਤ ਹੋਰ ਵੱਖ-ਵੱਖ ਸਿੱਖ ਜਥੇਬੰਦੀਆਂ ਦੇ ਆਗੂ ਅਤੇ ਸੰਗਤਾਂ ਹਾਜ਼ਰ ਸਨ।

# ਜਸਬੀਰ ਮਾਹੀ ਬਣੇ ਹਿਊਮਨ ਰਾਈਟਸ ਕੌਂਸਲ (ਇੰਡੀਆ) ਐਸ.ਸੀ. ਸੈਲ ਜਿਲ੍ਹਾ ਕਪੂਰਥਲਾ ਦੇ ਪ੍ਰਧਾਨ




ਫਗਵਾੜਾ 5 ਅਪ੍ਰੈਲ ( ਸੁਸ਼ੀਲ ਸ਼ਰਮਾ ) ਹਿਊਮਨ ਰਾਈਟਸ ਕੌਂਸਲ (ਇੰਡੀਆ) ਦੀ ਤਰਫੋਂ ਫਗਵਾੜਾ ਦੇ ਜਸਬੀਰ ਮਾਹੀ ਨੂੰ ਜਿਲ੍ਹਾ ਕਪੂਰਥਲਾ ਐਸ.ਸੀ. ਸੈੱਲ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਦਾ ਐਲਾਨ ਅੱਜ ਜ਼ਿਲ੍ਹਾ ਪ੍ਰਧਾਨ ਆਸ਼ੂ ਮਾਰਕੰਡਾ ਨੇ ਫਗਵਾੜਾ ਦੇ ਸੁਭਾਸ਼ ਨਗਰ ਸਥਿਤ ਕੌਂਸਲ ਦੇ ਚਿਰਾਗ ਐਸੋਸੀਏਟਸ ਦਫ਼ਤਰ ਵਿੱਚ ਹੋਈ ਮੀਟਿੰਗ ਦੌਰਾਨ ਕੀਤਾ। ਉਨ੍ਹਾਂ ਨੇ ਰਾਸ਼ਟਰੀ ਪ੍ਰਧਾਨ ਆਰਤੀ ਰਾਜਪੂਤ ਦੇ ਨਿਰਦੇਸ਼ਾਂ ਅਨੁਸਾਰ ਜਸਬੀਰ ਮਾਹੀ ਨੂੰ ਨਿਯੁਕਤੀ ਪੱਤਰ ਵੀ ਸੌਂਪਿਆ। ਆਸ਼ੂ ਮਾਰਕੰਡਾ ਨੇ ਕਿਹਾ ਕਿ ਜਸਬੀਰ ਮਾਹੀ ਇੱਕ ਮਕਬੂਲ ਗਾਇਕ ਹੋਣ ਦੇ ਨਾਲ-ਨਾਲ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਨਾਲ ਵੀ ਜੁੜੇ ਹੋਏ ਹਨ ਅਤੇ ਉਨ੍ਹਾਂ ਨੇ ਸਮਾਜ ਸੇਵਾ ਵਿੱਚ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਉਹ ਐੱਸ.ਸੀ. ਭਾਈਚਾਰੇ ਦੇ ਵੱਧ ਤੋਂ ਵੱਧ ਲੋਕਾਂ ਨੂੰ ਮਨੁੱਖੀ ਅਧਿਕਾਰਾਂ ਪ੍ਰਤੀ ਜਾਗਰੂਕ ਕਰਨਗੇ ਅਤੇ ਉਨ੍ਹਾਂ ਨੂੰ ਸੰਗਠਨ ਨਾਲ ਜੋੜ ਕੇ ਜ਼ਿਲ੍ਹਾ ਕਪੂਰਥਲਾ ਵਿੱਚ ਕੌਂਸਲ ਨੂੰ ਵੀ ਮਜ਼ਬੂਤੀ ਪ੍ਰਦਾਨਕਰਨਗੇ। ਨਵ-ਨਿਯੁਕਤ ਪ੍ਰਧਾਨ ਜਸਬੀਰ ਮਾਹੀ ਨੇ ਰਾਸ਼ਟਰੀ ਪ੍ਰਧਾਨ ਆਰਤੀ ਰਾਜਪੂਤ, ਪੰਜਾਬ ਪ੍ਰਧਾਨ ਸੁਖਵੰਤ ਸਿੰਘ ਪੱਡਾ ਅਤੇ ਜ਼ਿਲ੍ਹਾ ਪ੍ਰਧਾਨ ਆਸ਼ੂ ਮਾਰਕੰਡਾ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਜਸਬੀਰ ਮਾਹੀ ਨੂੰ ਕੌਂਸਲ ਦੀਆਂ ਗਤੀਵਿਧੀਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਰਮਨ ਨਹਿਰਾ ਪੰਜਾਬ ਪ੍ਰਧਾਨ ਐਂਟੀ ਕਰਪਸ਼ਨ ਸੈੱਲ, ਨੰਦ ਸੋਨੀ ਜ਼ਿਲ੍ਹਾ ਪ੍ਰਧਾਨ, ਐਂਟੀ ਕਰਪਸ਼ਨ ਸੈੱਲ, ਲਾਇਨ ਤਜਿੰਦਰ ਬਾਵਾ ਐਮ.ਜੇ.ਐਫ., ਵਿਜੇ ਅਰੋੜਾ, ਸੁਨੀਲ ਢੀਂਗਰਾ, ਅਤੁਲ ਜੈਨ, ਗੁਲਸ਼ਨ ਸ਼ਰਮਾ ਲੱਕੀ, ਲਾਇਨ ਜੁਗਲ ਬਵੇਜਾ ਪ੍ਰਧਾਨ ਲਾਇਨਜ਼ ਕਲੱਬ ਫਗਵਾੜਾ ਸਿਟੀ, ਸੰਜੀਵ ਕੁਮਾਰ, ਖੁਸ਼ਦੀਪ, ਬੰਟੀ ਮਾਹੀ ਆਦਿ ਮੌਜੂਦ ਸਨ।

# ਲੀਗਲ ਲਿਟਰੇਸੀ ਸੈੱਲ, ਬੱਡੀ ਗਰੁੱਪ ਅਤੇ ਰਾਜਨੀਤਿਕ ਵਿਭਾਗ ਵਲੋਂ ਔਰਤਾਂ ਦੇ ਕਾਨੂੰਨੀ ਅਤੇ ਸੰਵਿਧਾਨਕ ਅਧਿਕਾਰਾਂ ਬਾਰੇ ਐਕਸਟੈਂਸ਼ਨ ਲੈਕਚਰ ਦਾ ਆਯੋਜਨ





ਫਗਵਾੜਾ- (ਸੁਸ਼ੀਲ ਸ਼ਰਮਾ )
ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ, ਫਗਵਾੜਾ ਨੇ ਕਾਲਜ ਪ੍ਰਿੰਸੀਪਲ ਡਾ. ਸਵਿੰਦਰ ਪਾਲ ਦੀ ਸੁਯੋਗ ਅਗਵਾਈ ਹੇਠ 4 ਅਪ੍ਰੈਲ, 2025 ਨੂੰ ਆਈਕਿਊਏਸੀ ਦੀ ਅਗਵਾਈ ਹੇਠ ਭਾਰਤ ਵਿੱਚ ਔਰਤਾਂ ਦੇ ਕਾਨੂੰਨੀ ਅਤੇ ਸੰਵਿਧਾਨਕ ਅਧਿਕਾਰਾਂ ਬਾਰੇ ਇੱਕ ਐਕਸਟੈਂਸ਼ਨ ਲੈਕਚਰ ਦਾ ਆਯੋਜਨ ਕੀਤਾ ਗਿਆ।

ਰਿਸੋਰਸ ਪਰਸਨ, ਡਾ. ਪਰਮਜੀਤ ਕੌਰ, ਪ੍ਰਿੰਸੀਪਲ (ਸੇਵਾਮੁਕਤ), ਖਾਲਸਾ ਕਾਲਜ ਫਾਰ ਵੂਮੈਨ, ਸਿੱਧਵਾਂ ਖੁਰਦ ਨੇ ਔਰਤਾਂ ਦੇ ਕਾਨੂੰਨੀ ਜਾਇਦਾਦ ਅਧਿਕਾਰਾਂ ਅਤੇ ਵਿਆਪਕ ਸੰਵਿਧਾਨਕ ਅਧਿਕਾਰਾਂ ਬਾਰੇ ਗੱਲ ਕੀਤੀ। ਉਨ੍ਹਾਂ ਨੇ ਵਿਰਾਸਤ ਕਾਨੂੰਨਾਂ, ਲਿੰਗ ਸਮਾਨਤਾ ਅਤੇ ਸਮਾਜਿਕ ਨਿਆਂ ਨੂੰ ਉਜਾਗਰ ਕੀਤਾ, ਉਨ੍ਹਾਂ ਨੂੰ ਸਮਾਜਿਕ ਚੁਣੌਤੀਆਂ ਨਾਲ ਜੋੜਿਆ।

ਲਗਭਗ 90 ਵਿਦਿਆਰਥਣਾਂ ਨੇ ਚਰਚਾ ਵਿੱਚ ਸਰਗਰਮੀ ਨਾਲ ਹਿੱਸਾ ਲਿਆ, ਜਿਸ ਨਾਲ ਸੈਸ਼ਨ ਜਾਣਕਾਰੀ ਭਰਪੂਰ ਬਣ ਗਿਆ। ਪ੍ਰਿੰਸੀਪਲ ਡਾ. ਸਵਿੰਦਰ ਪਾਲ ਨੇ ਕਾਨੂੰਨੀ ਜਾਗਰੂਕਤਾ ਦੀ ਲੋੜ ਤੇ ਜ਼ੋਰ ਦਿੰਦੇ ਹੋਏ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ। ਸੈਮੀਨਾਰ ਧੰਨਵਾਦ ਦੇ ਮਤੇ ਨਾਲ ਸਮਾਪਤ ਹੋਇਆ, ਜਿਸ ਨੇ ਭਾਗੀਦਾਰਾਂ ਤੇ ਸਥਾਈ ਪ੍ਰਭਾਵ ਛੱਡਿਆ।

# ਅੱਠਵੀਂ ਦੀ ਪੰਜਾਬ ਬੋਰਡ ਪ੍ਰੀਖਿਆ 'ਚ ਮਾਂ ਅੰਬੇ ਗਰਲਜ਼ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ

ਫਗਵਾੜਾ,( ਸੁਸ਼ੀਲ ਸ਼ਰਮਾ )ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 8ਵੀਂ ਜਮਾਤ ਦੀ ਸਾਲਾਨਾ ਬੋਰਡ ਪ੍ਰੀਖਿਆ ਦੇ ਨਤੀਜਿਆਂ 'ਚ ਮਾਂ ਅੰਬੇ ਗਲਾਰਜ਼ ਸੀ.ਸੈ. ਸਕੂਲ ਭਾਣੋਕੀ ਫਗਵਾੜਾ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਸਕੂਲ ਪ੍ਰਿੰਸੀਪਲ ਕੁਲਵਿੰਦਰ ਕੌਰ ਪਰਮਾਰ ਨੇ ਦੱਸਿਆ ਕਿ ਸਕੂਲ ਦੀ ਹੋਣਹਾਰ ਵਿਦਿਆਰਥਣ ਗੁਰਲੀਨ ਕੌਰ ਨੇ 96.5% ਅੰਕਾਂ ਦੇ ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ ਜਦਕਿ ਸੀਰਤ ਕੌਰ ਨੇ 96.16% ਅੰਕਾਂ ਦੇ ਨਾਲ ਦੂਸਰਾ ਤੇ ਮੰਨਤ ਨੇ 94.4% ਅੰਕ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ ਹੈ। ਸਕੂਲ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਕੇ.ਕੇ. ਸਰਦਾਨਾ, ਪ੍ਰਧਾਨ ਸੁਦਾਗਰ ਸਿੰਘ ਅਤੇ ਸਕੱਤਰ ਅਵਤਾਰ ਸਿੰਘ ਨੇ ਚੰਗੇ ਅੰਕ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਅਸ਼ੀਰਵਾਦ ਦਿੰਦਿਆਂ ਹੋਰ ਸਖ਼ਤ ਮਿਹਨਤ ਨਾਲ ਉਚੇਰੀ ਵਿੱਦਿਆ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਸਕੂਲ ਪ੍ਰਿੰਸੀਪਲ, ਸਟਾਫ ਅਤੇ ਵਿਦਿਆਰਥਣਾਂ ਦੇ ਮਾਪਿਆਂ ਨੂੰ ਵੀ ਵਧੀਆ ਰਿਜਲਟ ਲਈ ਸ਼ੁੱਭ ਇੱਛਾਵਾਂ ਦਿੱਤੀਆਂ।

# ਐਸ. ਸੀ. ਡੀ. ਸਰਕਾਰੀ ਕਾਲਜ ਲੁਧਿਆਣਾ ਦੇ ਸਾਬਕਾ ਵਿਦਿਆਰਥੀ ਪ੍ਰੋ. (ਡਾ.) ਗੁਰਸ਼ਰਨ ਜੀਤ ਸਿੰਘ ਸੰਧੂ ਨੇ ਬਤੌਰ ਪ੍ਰਿੰਸੀਪਲ ਅਹੁਦਾ ਸੰਭਾਲਿਆ

ਲੁਧਿਆਣਾ (ਸੁਖਚੈਨ ਮਹਿਰਾ)ਪ੍ਰੋਫੈਸਰ (ਡਾ.) ਗੁਰਸ਼ਰਨ ਜੀਤ ਸਿੰਘ ਸੰਧੂ ਨੇ 4 ਅਪ੍ਰੈਲ, 2025 ਨੂੰ ਐਸ. ਸੀ. ਡੀ. ਸਰਕਾਰੀ ਕਾਲਜ, ਲੁਧਿਆਣਾ ਦੇ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ, ਜਿਸ ਨਾਲ ਪੰਜਾਬ ਦੀਆਂ ਵਿਦਿਅਕ ਸੰਸਥਾਵਾਂ ਵਿੱਚੋਂ ਇੱਕ ਦੀ ਵਿਰਾਸਤ ਵਿੱਚ ਇੱਕ ਸ਼ਾਨਦਾਰ ਅਧਿਆਇ ਦੀ ਸ਼ੁਰੂਆਤ ਹੋਈ।

ਇੱਕ ਨਿਪੁੰਨ ਵਿਦਵਾਨ ਅਤੇ ਐਸ. ਸੀ. ਡੀ. ਸਰਕਾਰੀ ਕਾਲਜ ਦੇ ਇੱਕ ਮਾਣਮੱਤੇ ਸਾਬਕਾ ਵਿਦਿਆਰਥੀ, ਡਾ: ਸੰਧੂ ਨੇ ਆਪਣੀ ਐਮ.ਐਸ. ਸੀ. ਸੰਨ 1986-88 ਵਿਚ ਕਾਲਜ ਦੇ ਗਣਿਤ ਵਿਭਾਗ ਤੋਂ ਕੀਤੀ। ਉਨਾਂ ਨੇ ਐਮ. ਫਿਲ. ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਅਤੇ ਪੀ. ਐੱਚ. ਡੀ. ਹਿਮਾਚਲ ਪ੍ਰਦੇਸ਼ ਯੂਨੀਵਰਸਿਟੀ, ਸ਼ਿਮਲਾ ਤੋਂ ਕੀਤੀ।

ਪ੍ਰਿੰਸੀਪਲ ਸੰਧੂ ਨੇ 1990 ਤੋਂ ਆਪਣਾ ਅਧਿਆਪਨ ਸਫ਼ਰ ਦੀ ਸ਼ੁਰੂਆਤ ਕੀਤੀ ਅਤੇ ਪੀ ਪੀ ਐਸ ਸੀ ਰਾਹੀਂ 1995 ਵਿੱਚ ਸਰਕਾਰੀ ਕਾਲਜ ਫ਼ਾਰ ਗਰਲਜ਼, ਲੁਧਿਆਣਾ ਵਿੱਚ ਜੁਆਇੰਨ ਕਰਦਿਆਂ ਸਰਕਾਰੀ ਸੇਵਾ ਵਿੱਚ ਆਏ। ਇਸ ਉਪਰੰਤ 1998 ਵਿੱਚ ਐਸ. ਸੀ. ਡੀ. ਸਰਕਾਰੀ ਕਾਲਜ ਦੇ ਪੀ ਜੀ ਗਣਿਤ ਵਿਭਾਗ ਵਿੱਚ ਸ਼ਾਮਲ ਹੋਏ। ਉਨ੍ਹਾਂ ਨੂੰ 20 12 ਵਿੱਚ ਪ੍ਰੋਫ਼ੈਸਰ ਦੇ ਅਹੁਦੇ ਉੱਤੇ ਪਦਉੱਨਤ ਕੀਤਾ ਗਿਆ। 34 ਸਾਲਾਂ ਦੇ ਸ਼ਾਨਦਾਰ ਅਧਿਆਪਨ ਕੈਰੀਅਰ ਦੇ ਨਾਲ, ਉਨ੍ਹਾਂ ਨੇ ਕਾਲਜ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਕੈਂਪਸ, ਚੰਡੀਗੜ੍ਹ, ਲੁਧਿਆਣਵੀ ਕਾਲਜ ਪੰਜਾਣਾ ਆਦਿ ਸੰਸਥਾਵਾਂ ਵਿੱਚ ਵੀ ਸੇਵਾਵਾਂ ਦਿੱਤੀਆਂ ਹਨ।

ਖੋਜ ਦੇ ਖੇਤਰ ਵਿਚ ਡਾ.ਸੰਧੂ ਦਾ ਇੱਕ ਪ੍ਰਭਾਵਸ਼ਾਲੀ ਸਥਾਨ ਹੈ। ਉਨਾਂ ਦੇ ਅਮਰੀਕਾ, ਕੈਨੇਡਾ, ਜਰਮਨੀ,




ਨੀਦਰਲੈਂਡ, ਰੂਸ, ਪੋਲੈਂਡ, ਯੂਗੋਸਲਾਵੀਆ ਅਤੇ ਰੋਮਾਨੀਆ ਵਿੱਚ ਪ੍ਰਸਿੱਧ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਰਸਾਲਿਆਂ ਵਿੱਚ 25 ਖੋਜ ਪੱਤਰ ਪ੍ਰਕਾਸ਼ਿਤ ਹੋਏ ਹਨ। ਡਾ. ਸੰਧੂ ਦੁਆਰਾ 60 ਤੋਂ ਵੱਧ ਕਿਤਾਬਾਂ ਲਿਖੀਆਂ ਹਨ। ਜਦੋਂ ਉਨਾਂ ਦੀ ਜੀਵਨੀ ਅਮਰੀਕਾ ਵਿੱਚ ਪ੍ਰਕਾਸ਼ਿਤ ਹੂਜ਼ ਹੂ ਇਨ ਦ ਵਰਲਡ ਦੇ 2009 ਦੇ ਸੰਸਕਰਨ ਵਿੱਚ ਸ਼ਾਮਲ ਕੀਤੀ ਗਈ, ਉਨਾਂ ਦੀਆਂ ਪ੍ਰਾਪਤੀਆਂ ਨੂੰ ਅੰਤਰਰਾਸਟਰੀ ਮਾਨਤਾ ਪ੍ਰਾਪਤ ਹੋਈ।

ਡਾ. ਸੰਧੂ ਨੇ ਅਕਾਦਮਿਕ ਸੈਸ਼ਨ ਵਿੱਚ ਸਰਗਰਮ ਯੋਗਦਾਨ ਪਾਇਆ ਹੈ। ਉਹ ਇੰਡੀਅਨ ਇੰਸਟੀਚਿਊਟ ਆਫ਼ ਸਾਇੰਸ ਐਜੂਕੇਸ਼ਨ ਐਂਡ ਰਿਸਰਚ (99♥5♣), ਮੋਹਾਲੀ ਵਿਖੇ ਅਕਾਦਮਿਕ ਕੌਂਸਲ ਦੇ ਮੈਂਬਰ ਰਹੇ ਹਨ ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ਫੈਕਲਟੀ ਆਫ਼ ਸਾਇੰਸ ਅਤੇ ਫੈਕਲਟੀ ਆਫ਼ ਆਰਟਸ ਦੇ ਮੈਂਬਰ ਵਜੋਂ ਚਾਰ ਵਾਰ ਸੇਵਾ ਨਿਭਾ ਚੁੱਕੇ ਹਨ। ਉਨਾਂ ਨੇ ਵਰਤਮਾਨ ਵਿੱਚ ਪੰਜਾਬ ਯੂਨੀਵਰਸਿਟੀ ਵਿਚ ਗਣਿਤ ਵਿਚ ਅੰਡਰਗ੍ਰੈਜੁਏਟ ਅਤੇ ਪੋਸਟ ਗ੍ਰੈਜੂਏਟ ਬੋਰਡਾਂ ਦੇ ਅਧਿਐਨਾਂ ਵਿਚ ਸੇਵਾ ਨਿਭਾਈ। ਇਸ ਤੋਂ ਇਲਾਵਾ ਉਹ ਗੁਰੂ ਨਾਨਕ ਦੇਵ ਇੰਜਨੀਅਰਿੰਗ ਕਾਲਜ, ਲੁਧਿਆਣਾ ਅਤੇ ਖਾਲਸਾ ਕਾਲਜ, ਅੰਮ੍ਰਿਤਸਰ ਵਿਖੇ ਗਣਿਤ ਦੇ ਅਧਿਐਨ ਬੋਰਡਾਂ ਨਾਲ ਜੁੜੇ ਹੋਏ ਹਨ।

ਉਹ ਜਰਨਲ ਆਫ਼ ਅਪਲਾਈਡ ਸਾਇੰਸਜ਼ ਅਤੇ ਏਸ਼ੀਅਨ ਜਰਨਲ ਆਫ਼ ਅਪਲਾਈਡ ਸਾਇੰਸਜ਼ ਦੇ ਤਕਨੀਕੀ ਸੰਪਾਦਕ ਵੀ ਹਨ, ਜੋ ਅਮਰੀਕਾ ਵਿੱਚ ਸਥਿਤ ਹੈ। ਜਨਤਕ ਸਿੱਖਿਆ ਪ੍ਰਤੀ ਉਸਦੀ ਵਚਨਬੱਧਤਾ ਪੰਜਾਬ ਸਰਕਾਰ ਦੇ ਮੈਰੀਟੋਰੀਅਸ ਸਕੂਲਾਂ ਲਈ ਅਤੇ ਸੈਟੇਲਾਈਟ-ਅਧਾਰਿਤ ਅਧਿਆਪਨ ਦੁਆਰਾ ਉੱਚ ਸਿੱਖਿਆ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਰਾਜ ਦੇ 54 "♥1" ਪ੍ਰੋਗਰਾਮ ਲਈ ਇੱਕ ਸਰੋਤ ਵਿਅਕਤੀ ਵਜੋਂ ਉਸਦੀ ਸਲਾਹਕਾਰ ਭੂਮਿਕਾ ਦੁਆਰਾ ਸਪੱਸ਼ਟ ਹੁੰਦੀ ਹੈ।

ਡਾ: ਸੰਧੂ ਦਾ ਕਾਲਜ ਦੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਸਮੇਤ ਨਿੱਘਾ ਸੁਆਗਤ ਕੀਤਾ ਗਿਆ। ਉਨ੍ਹਾਂ ਦੀ ਨਿਯੁਕਤੀ ਤੇ ਭਾਰੀ ਉਤਸ਼ਾਹ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ । ਆਪਣੇ ਸੰਬੋਧਨ ਦੌਰਾਨ ਉਹਨਾਂ ਨੇ ਅਕਾਦਮਿਕ ਅਖੰਡਤਾ, ਸਹਿਯੋਗੀ ਸਿੱਖਿਆ ਅਤੇ ਸੰਮਲਿਤ ਵਿਕਾਸ ਦੇ ਮੁੱਲਾਂ ਤੇ ਜ਼ੋਰ ਦਿੱਤਾ।

# ਡਾ. ਅੰਬੇਡਕਰ ਦਾ ਨਿਰਾਦਰ ਕਰਨ ਵਾਲੇ ਅਨਸਰਾਂ ਪ੍ਰਤੀ ਸਖ਼ਤੀ ਵਰਤੇਗੀ ਸਰਕਾਰ - ਜੋਗਿੰਦਰ ਸਿੰਘ ਮਾਨ

ਫਗਵਾੜਾ ( ਸੁਸ਼ੀਲ ਸ਼ਰਮਾ ) ਆਮ ਆਦਮੀ ਪਾਰਟੀ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਫਿਲੌਰ ਦੇ ਪਿੰਡ ਨੰਗਲ ‘ਚ ਸਥਾਪਤ ਭਾਰਤੀ ਸੰਵਿਧਾਨ ਨਿਰਮਾਤਾ ਡਾ. ਬੀ.ਆਰ. ਅੰਬੇਡਕਰ ਦੇ ਬੁੱਤ ਦਾ ਨਿਰਾਦਰ ਕਰਨ ਵਾਲੇ ਦੋ ਅਨਸਰਾਂ ਦੀ ਪੰਜਾਬ ਪੁਲਿਸ ਵਲੋਂ ਕੀਤੀ ਗਿਰਫਤਾਰੀ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਡਾ. ਅੰਬੇਡਕਰ ਨੇ ਭਾਰਤ ਦੇ ਬਿਹਤਰੀਨ ਸੰਵਿਧਾਨ ਦੀ ਰਚਨਾ ਕੀਤੀ ਅਤੇ ਦੇਸ਼ ਦੇ ਪਹਿਲੇ ਕਾਨੂੰਨ ਮੰਤਰੀ ਵੀ ਰਹੇ। ਡਾ. ਅੰਬੇਡਕਰ ਨੇ ਆਪਣੀ ਮਿਹਨਤ ਸਦਕਾ ਅਜਿਹਾ ਉੱਚਾ ਮੁਕਾਮ ਹਾਸਲ ਕੀਤਾ ਕਿ ਉਹਨਾਂ ਗਿਣਤੀ ਉਸ ਸਮੇਂ ਦੁਨੀਆ ਦੇ ਬੁੱਧੀਜੀਵੀ ਵਰਗ ਵਿਚੋਂ 6ਵੇਂ ਮਨੁੱਖ ਦੇ ਤੌਰ ਤੇ ਹੁੰਦੀ ਸੀ। ਡਾ. ਅੰਬੇਡਕਰ ਨੇ ਭਾਰਤੀ ਸੰਵਿਧਾਨ ਦੀ ਰਚਨਾ ਸਮੇਂ ਹਰੇਕ, ਧਰਮ, ਫਿਰਕੇ ਅਤੇ ਜਾਤੀ ਦਾ ਧਿਆਨ ਰੱਖਦੇ ਹੋਏ ਬਰਾਬਰਤਾ ਦੇ ਅਧਿਕਾਰ ਦਿੱਤੇ ਹਨ। ਔਰਤਾਂ ਨੂੰ ਵੀ ਉਹਨਾਂ ਨੇ ਦੇਸ਼ ਆਜਾਦ ਹੋਣ ਤੋਂ ਪੰਦਰਾਂ ਸਾਲ ਪਹਿਲਾਂ ਬਰਾਬਰਤਾ ਦਾ ਅਧਿਕਾਰ ਲੈ ਕੇ ਦਿੱਤਾ ਸੀ। ਉਹਨਾਂ ਕਿਹਾ ਕਿ ਡਾ. ਅੰਬੇਡਕਰ ਸਿਰਫ ਦਲਿਤਾਂ ਦੇ ਮਸੀਹਾ ਹੀ ਨਹੀਂ ਬਲਕਿ ਹਰੇਕ ਭਾਰਤੀ ਦੇ ਲਈ ਸਨਮਾਨ ਦੇ ਯੋਗ ਹਨ। ਉਹਨਾਂ ਦਾ ਨਿਰਾਦਰ ਕਿਸੇ ਵੀ ਰੂਪ ਵਿਚ ਬਿਲਕੁਲ ਬਰਦਾਸ਼ਤ ਕਰਨ ਯੋਗ ਨਹੀਂ ਹੈ। ਜੋ ਲੋਕ ਡਾ. ਅੰਬੇਡਕਰ ਦੇ ਬੁੱਤ ਪੰਜਾਬ



ਦੀ ਧਰਤੀ ਤੋਂ ਹਟਾਉਣ ਦੀ ਗੱਲ ਕਰਦੇ ਹਨ, ਉਹਨਾਂ ਨੂੰ ਪਹਿਲਾਂ ਡਾ. ਅੰਬੇਡਕਰ ਦੇ ਜੀਵਨ, ਸੰਘਰਸ਼ ਅਤੇ ਪ੍ਰਾਪਤੀਆਂ ਬਾਰੇ ਪੜ੍ਹਨਾ ਚਾਹੀਦਾ ਹੈ। ਮਾਨ ਨੇ ਕਿਹਾ ਕਿ ਪੰਜਾਬ ਦੀ ਧਰਤੀ ‘ਤੇ ਅਜਿਹੀਆਂ ਨਿੰਦਣਯੋਗ ਹਰਕਤਾਂ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ। ਉਹਨਾਂ ਪੰਜਾਬ ਦੇ ਨੌਜਵਾਨਾਂ ਨੂੰ ਸਚੇਤ ਕੀਤਾ ਕਿ ਉਹ ਕੱਟੜਤਾ ਦਾ ਜਹਿਰ ਫੈਲਾਉਣ ਵਾਲਿਆਂ ਤੋਂ ਸੁਚੇਤ ਰਹਿਣ ਅਤੇ ਇਹਨਾਂ ਦੇ ਭੁਲੇਖੇ ਵਿਚ ਬਿਲਕੁਲ ਨਾ ਆਉਣ ਕਿਉਂਕਿ ਪੰਜਾਬ ਸਰਕਾਰ ਅਜਿਹੇ ਅਨਸਰਾਂ ਨਾਲ ਬੜੀ ਸਖ਼ਤੀ ਦੇ ਨਾਲ ਨਜਿੱਠੇਗੀ।

# ਨੌਜਵਾਨਾਂ ਨੂੰ ਨਸ਼ਿਆਂ ਪ੍ਰਤੀ ਜਾਗਰੂਕ ਕਰਨ ਲਈ ਵਿਦਿਅਕ ਅਦਾਰਿਆਂ ‘ਚ ਕਰਵਾਏ ਜਾਣਗੇ ਜਾਗਰੂਕਤਾ ਸੈਮੀਨਾਰ : ਆਸ਼ੂ ਮਾਰਕੰਡਾ



ਫਗਵਾੜਾ ( ਸੁਸ਼ੀਲ ਸ਼ਰਮਾ ) ਹਿਊਮਨ ਰਾਈਟਸ ਕੌਂਸਲ (ਇੰਡੀਆ) ਨੇ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਡੀਜੀਪੀ ਗੌਰਵ ਯਾਦਵ ਦੀ ਅਗਵਾਈ ਹੇਠ ਪੁਲਿਸ ਵਲੋਂ ਸ਼ੁਰੂ ਕੀਤੀ ਗਈ ਨਸ਼ਿਆਂ ਵਿਰੁੱਧ ਜੰਗ ਮੁਹਿਮ ਦੀ ਸ਼ਲਾਘਾ ਕੀਤੀ ਹੈ। ਅੱਜ ਇੱਥੇ ਗੱਲਬਾਤ ਕਰਦਿਆਂ ਕੌਂਸਲ ਦੇ ਜਿਲ੍ਹਾ ਪ੍ਰਧਾਨ ਆਸ਼ੂ ਮਾਰਕੰਡਾ ਨੇ ਕਿਹਾ ਕਿ ਉਹਨਾਂ ਦੀ ਜੱਥੇਬੰਦੀ ਮੁਹਿਮ ਨੂੰ ਪੂਰਾ ਸਮਰਥਨ ਦੇਵੇਗੀ। ਉਹਨਾਂ ਦੱਸਿਆ ਕਿ ਕੌਂਸਲ ਦੇ ਕੌਮੀ ਪ੍ਰਧਾਨ ਆਰਤੀ ਰਾਜਪੂਤ ਦੇ ਨਿਰਦੇਸ਼ਾਂ ਅਤੇ ਪੰਜਾਬ ਪ੍ਰਧਾਨ ਸੁਖਵੰਤ ਸਿੰਘ ਪੱਡਾ ਦੀ ਅਗਵਾਈ ਹੇਠ ਜਲਦੀ ਹੀ ਸਕੂਲਾਂ ਅਤੇ ਕਾਲਜਾਂ ਵਿੱਚ ਸੈਮੀਨਾਰ ਕਰਵਾਏ ਜਾਣਗੇ। ਤਾਂ ਜੋ ਨੌਜਵਾਨਾਂ ਨੂੰ ਨਸ਼ੇ ਦੀ ਬੁਰਾਈ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਜਾ ਸਕੇ ਅਤੇ ਉਨ੍ਹਾਂ ਨੂੰ ਆਪਣੀ ਜ਼ਿੰਦਗੀ ਵਿੱਚ ਕਦੇ ਵੀ ਨਸ਼ਾ ਨਾ ਕਰਨ ਦੀ ਸਹੁੰ ਚੁਕਾਈ ਜਾ ਸਕੇ। ਆਸ਼ੂ ਮਾਰਕੰਡਾ ਨੇ ਜ਼ਿਲ੍ਹਾ ਕਪੂਰਥਲਾ ਪੁਲਿਸ ਦੇ ਐਸ.ਐਸ.ਪੀ. ਗੌਰਵ ਤੂਰਾ ਅਤੇ ਐਸ.ਪੀ. ਫਗਵਾੜਾ ਰੁਪਿੰਦਰ ਕੌਰ ਭੱਟੀ ਦੀ ਅਗਵਾਈ ਹੇਠ ਫਗਵਾੜਾ ਸਮੇਤ ਜ਼ਿਲ੍ਹੇ ਭਰ ਵਿੱਚ ਡਰੱਗ ਮਾਫੀਆ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਨੂੰ ਵੀ ਸ਼ਲਾਘਾਯੋਗ ਦੱਸਿਆ। ਉਨ੍ਹਾਂ ਕਿਹਾ ਕਿ ਇਸ ਵੇਲੇ ਨਸ਼ਾ ਤਸਕਰਾਂ ਵਿੱਚ ਪੁਲਿਸ ਦਾ ਬਹੁਤ ਡਰ ਹੈ। ਇਹ ਮੁਹਿੰਮ ਬਹੁਤ ਪਹਿਲਾਂ ਸ਼ੁਰੂ ਹੋ ਜਾਣੀ ਚਾਹੀਦੀ ਸੀ। ਪਰ ਅਜੇ ਬਹੁਤ ਦੇਰ ਨਹੀਂ ਹੋਈ। ਸਾਰੀਆਂ ਸਮਾਜ ਸੇਵੀ ਸੰਸਥਾਵਾਂ ਨੂੰ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਪੁਲਿਸ ਦਾ ਸਹਿਯੋਗ ਕਰਨਾ ਚਾਹੀਦਾ ਹੈ। ਨਸ਼ੇ ਦੀ ਲਤ ਦਾ ਸ਼ਿਕਾਰ ਨੌਜਵਾਨਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਖੁਦ ਅੱਗੇ ਆਉਣਾ ਚਾਹੀਦਾ ਹੈ, ਤਾਂ ਅਜਿਹੇ ਨੌਜਵਾਨਾਂ ਨੂੰ ਸਰਕਾਰੀ ਜਾਂ ਸਰਕਾਰ ਦੁਆਰਾ ਮਾਨਤਾ ਪ੍ਰਾਪਤ ਨਸ਼ਾ ਛੁਡਾਊ ਕੇਂਦਰ ਵਿੱਚ ਦਾਖਲ ਕਰਵਾਇਆ ਜਾ ਸਕੇ। ਉਹਨਾਂ ਕਿਹਾ ਕਿ ਹਿਊਮਨ ਰਾਈਟਸ ਕੌਂਸਲ ਅਜਿਹੇ ਪਰਿਵਾਰਾਂ ਦਾ ਪੂਰਾ ਸਹਿਯੋਗ ਕਰੇਗੀ।

# ਜੀ.ਆਰ.ਡੀ. ਫਗਵਾੜਾ ਕਾਲਜ ‘ਚ ਹੋਇਆ ਪੰਜ ਦਿਨਾਂ ਯੋਗਾ ਵਰਕਸ਼ਾਪ ਦਾ ਆਯੋਜਨ

ਫਗਵਾੜਾ ( ਸੁਸ਼ੀਲ ਸ਼ਰਮਾ ) ਜੀ.ਆਰ.ਡੀ. ਕੋ-ਐਜੂਕੇਸ਼ਨਲ ਕਾਲਜ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਪੰਜ ਦਿਨਾਂ ਯੋਗਾ ਵਰਕਸ਼ਾਪ ਦਾ ਆਯੋਜਨ ਕਾਲਜ ਦੇ ਡਾਇਰੈਕਟਰ (ਸਿੱਖਿਆ) ਡਾ. ਨੀਲਮ ਸੇਠੀ ਦੀ ਨਿਗਰਾਨੀ ਹੇਠ ਕੀਤਾ ਗਿਆ। ਇਸ ਦੌਰਾਨ ਡੀ.ਏ.ਵੀ ਯੂਨੀਵਰਸਿਟੀ ਜਲੰਧਰ ਤੋਂ ਪਹੁੰਚੇ ਯੋਗਾ ਇੰਸਟਰੱਕਟਰ ਮਦਨ ਮੋਹਨ ਖੱਟਰ ਨੇ ਵਿਦਿਆਰਥੀਆਂ ਨੂੰ ਯੋਗਾਸਨ, ਪ੍ਰਾਣਾਯਾਮ, ਸ਼ੁੱਧੀਕਰਨ ਆਦਿ ਬਾਰੇ ਦੱਸਿਆ ਅਤੇ ਪੰਜ ਦਿਨ ਗਾਇਤਰੀ ਮਹਾਮੰਤਰ ਅਤੇ ਮਹਾਮਰਿਤੂੰਜਯ ਮੰਤਰ ਜਾਪ ਤੋਂ ਬਾਅਦ ਵਿਦਿਆਰਥੀਆਂ ਨੂੰ ਸੂਖਮ ਕਿਰਿਆਵਾਂ, ਪਦਮਾਸਨ, ਮਕਰ ਆਸਨ, ਮਰਕਟਾਸਨ, ਸੂਰਿਆ ਨਮਸਕਾਰਾ ਆਸਣ, ਗਰੁੜਾਸਨ ਆਦਿ ਦੀ ਸਿਖਲਾਈ ਦਿੱਤੀ। ਵਰਕਸ਼ਾਪ ਦੀ ਸਮਾਪਤੀ ਮੌਕੇ ਇੱਕ ਸੰਖੇਪ ਸਮਾਗਮ ਵੀ ਹੋਇਆ। ਜਿਸ ਵਿੱਚ ਜੀ.ਆਰ.ਡੀ. ਟਰੱਸਟ ਦੇ ਮੈਂਬਰ ਤਾਰਾ ਚੰਦ ਚੁੰਬਰ ਅਤੇ ਬੀ.ਐਸ. ਬਾਗਲਾ ਵਿਸ਼ੇਸ਼ ਤੌਰ ’ਤੇ ਮੌਜੂਦ ਰਹੇ। ਉਨ੍ਹਾਂ ਕਿਹਾ ਕਿ ਪ੍ਰਾਣਾਯਾਮ ਅਤੇ ਯੋਗਾਸਨ ਭਾਰਤ ਪ੍ਰਾਚੀਨ ਕਾਲ ਤੋਂ ਭਾਰਤ ਵਿਚ ਪ੍ਰਚੱਲਿਤ ਹਨ। ਜਿਸ ਨੂੰ ਅੱਜ ਪੂਰੀ ਦੁਨੀਆ ਨੇ ਅਪਣਾਇਆ ਹੈ। ਦਰਅਸਲ ਯੋਗਾਸਨ







ਅਤੇ ਪ੍ਰਾਣਾਯਾਮ ਭਾਰਤ ਵੱਲੋਂ ਦੁਨੀਆ ਨੂੰ ਦਿੱਤੇ ਗਏ ਅਨਮੋਲ ਤੋਹਫ਼ੇ ਹਨ। ਰੋਜ਼ਾਨਾ ਇਹਨਾਂ ਕ੍ਰਿਆਵਾਂ ਨੂੰ ਕਰਨ ਨਾਲ ਕਈ ਤਰ੍ਹਾਂ ਦੀਆਂ ਸਿਹਤ ਸਮੱਸਿਆਵਾਂ ਤੋਂ ਬਚਿਆ ਜਾ ਸਕਦਾ ਹੈ। ਤਾਰਾ ਚੰਦ ਚੁੰਬਰ ਨੇ ਵਿਦਿਆਰਥੀਆਂ ਨੂੰ ਰੋਜ਼ਾਨਾ ਯੋਗਾ ਕਰਨ ਲਈ ਪ੍ਰੇਰਿਤ ਕੀਤਾ। ਡਾਇਓਰੈਕਟਰ ਐਜੂਕੇਸ਼ਨ ਡਾ. ਨੀਲਮ ਸੇਠੀ ਨੇ ਯੋਗ ਇੰਸਟਰੱਕਟਰ ਮਦਨ ਮੋਹਨ ਖੱਟਰ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਬਹੁਤ ਸਾਰੀਆਂ ਜਾਣਕਾਰੀ ਭਰਪੂਰ ਗੱਲਾਂ ਦੱਸੀਆਂ ਹਨ। ਜਿਸ ਕਾਰਨ ਉਨ੍ਹਾਂ ਨੂੰ ਯੋਗਾ ਦੀ ਮਹੱਤਤਾ ਬਾਰੇ ਜ਼ਰੂਰ ਪਤਾ ਲੱਗੇਗਾ ਅਤੇ ਉਹ ਯੋਗਾ ਅਤੇ ਪ੍ਰਾਣਾਯਾਮ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣਗੇ। ਪ੍ਰਿੰਸੀਪਲ ਗੁਰਜੀਤ ਕੌਰ ਨੇ ਵੀ ਯੋਗਾ ਅਧਿਆਪਕ ਮਦਨ ਮੋਹਨ ਖੱਟਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਇਸ ਵਿਦਿਅਕ ਸੰਸਥਾ ਨਾਲ ਜੁੜੇ ਰਹਿਣ ਅਤੇ ਸਮੇਂ-ਸਮੇਂ ’ਤੇ ਆ ਕੇ ਯੋਗ ਅਭਿਆਸ ਕਰਵਾਉਣ ਦਾ ਸੱਦਾ ਦਿੱਤਾ। ਯੋਗਾ ਇੰਸਟਰੱਕਟਰ ਮਦਨ ਮੋਹਨ ਖੱਟਰ ਨੂੰ ਕਾਲਜ ਵੱਲੋਂ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸਹਾਇਕ ਪ੍ਰੋਫੈਸਰ ਰੁਪਿੰਦਰਜੀਤ ਕੌਰ, ਆਈ.ਟੀ.ਆਈ. ਰੇਸ਼ਮ ਕੌਰ, ਆਈ.ਟੀ.ਆਈ.ਪਰਮਜੀਤ ਕੌਰ ਤੋਂ ਇਲਾਵਾ ਕਾਸਮੈਟਿਕ ਮੀਨਾਕਸ਼ੀ, ਕਾਲਜ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਪਹਿਲੀ ਵਰੇਗੰਢ ਮਨਾਈ



ਫਗਵਾੜਾ- (ਸੁਸ਼ੀਲ ਸ਼ਰਮਾ ) ਭਾਈ ਹਰਦੀਪ ਸਿੰਘ ਬੀਬੀ ਮਨਪ੍ਰੀਤ ਕੌਰ ਵਾਸੀ ਡੱਡਲ ਮੁਹੱਲਾ,ਫਗਵਾੜਾ ਨੇ ਆਪਣੇ ਵਿਆਹ ਦੀ ਪਹਿਲੀ ਵਰੇਗੰਢ ਮਨਾਈ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# 15 ਨੂੰ ਜੇਲ੍ਹ ਤੋਂ ਬਾਅਦ ਕਾਨਪੁਰ ਪੁਲਿਸ ਨੇ ਸ਼ੁਰੂ ਕੀਤੀ ਹੋਰ ਸੱਟੇਬਾਜ਼ਾਂ ਦੀ ਭਾਲ, 23.39 ਲੱਖ ਰੁਪਏ ਬਰਾਮਦ



ਕਾਨਪੁਰ (ਸੁਨੀਲ ਬਾਜਪਾਈ )ਇਹ ਮਹਾਂਨਗਰ ਪਿਛਲੇ ਲੰਮੇ ਸਮੇਂ ਤੋਂ ਸੱਟੇਬਾਜ਼ਾਂ ਦੀ ਲਪੇਟ ਵਿੱਚ ਹੈ। ਅਪਰਾਧ ਸ਼ਾਖਾ ਦੀ ਮੌਕੇ ਅਤੇ ਨਿਗਰਾਨੀ ਟੀਮ ਨੇ ਸੱਟੇਬਾਜ਼ਾਂ ਦੇ ਅਜਿਹੇ ਦੋ ਗਰੋਹਾਂ ਦਾ ਪਰਦਾਫਾਸ਼ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਹੁਣ ਇਸ ਗਿਰੋਹ ਦੇ 15 ਮੈਂਬਰਾਂ ਨੂੰ ਜੇਲ੍ਹ ਭੇਜਣ ਤੋਂ ਬਾਅਦ ਬਾਕੀਆਂ ਦੀ ਵੀ ਭਾਲ ਕੀਤੀ ਜਾ ਰਹੀ ਹੈ। ਇਨ੍ਹਾਂ ਚੋਂ 10 ਚਿੱਟੇ ਬਾਜ਼ ਬਿਠੂਰ ਦੇ ਨਾਰਮਾਊ ਚ ਇਕ ਘਰ ਚੋਂ ਅਤੇ 5 ਆਦਰਸ਼ ਨਗਰ, ਸੇਨ ਵੈਸਟ ਪਾਰਾ ਚ ਇਕ ਕਮਰੇ ਚੋਂ ਫੜੇ ਗਏ। ਇਹ ਸੱਟੇਬਾਜ਼ ਵੱਖ-ਵੱਖ ਐਪਾਂ ਰਾਹੀਂ ਸੱਟਾ ਲਗਾ ਰਹੇ ਸਨ। ਇਨ੍ਹਾਂ ਕੋਲੋਂ 1661500 ਰੁਪਏ, 13 ਐਂਡਰਾਇਡ ਮੋਬਾਈਲ 13, 11 ਕੀਪੈਡ ਮੋਬਾਈਲ, ਇਕ ਲੈਪਟਾਪ, ਇਕ ਕੈਲਕੁਲੇਟਰ, ਪੰਜ ਚੈੱਕਬੁੱਕ, ਛੇ ਪਾਸਬੁੱਕ, ਇਕ ਪਲੈਟੀਨਮ ਕਾਰਡ, ਇਕ ਪਾਸਪੋਰਟ, ਪੰਜ ਨੋਟਬੁੱਕ, ਛੇ ਰਜਿਸਟਰੀ ਕਾਗਜ਼ ਬਰਾਮਦ ਕੀਤੇ ਗਏ ਹਨ।

ਪੁਲਸ ਮੁਤਾਬਕ ਖਾਸ ਗੱਲ ਇਹ ਹੈ ਕਿ ਸੱਟੇਬਾਜ਼ ਪੁਲਸ ਤੋਂ ਬਚਣ ਲਈ ਹਰ ਦੋ ਮਹੀਨੇ ਬਾਅਦ ਆਪਣਾ ਟਿਕਾਣਾ ਬਦਲ ਲੈਂਦੇ ਸਨ। ਇਨ੍ਹਾਂ ਗ੍ਰਿਫ਼ਤਾਰ ਕੀਤੇ ਗਏ ਇੱਕ ਗਰੋਹ ਦੇ ਸਬੰਧ ਦੁਬਈ ਸਮੇਤ ਕਈ ਦੇਸ਼ਾਂ ਨਾਲ ਜੁੜੇ ਪਾਏ ਗਏ ਹਨ।

ਡੀਸੀਪੀ ਪੱਛਮੀ ਆਰਤੀ ਸਿੰਘ ਨੇ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਸ਼ਹਿਰ ਵਿੱਚ ਸੱਟੇਬਾਜ਼ਾਂ ਦੇ ਇੱਕ ਗਰੋਹ ਬਾਰੇ ਕੁਝ ਸੁਰਾਗ ਮਿਲ ਰਹੇ ਸਨ, ਜਿਸ ਵਿੱਚ ਏਸੀਪੀ ਚਕੇਰੀ ਸੁਮਿਤ ਰਾਮਟੇਕੇ ਅਤੇ ਸੈਂਟਰਲ ਜ਼ੋਨ ਅਤੇ ਬਿਠੂਰ ਥਾਣੇ ਦੀ ਨਿਗਰਾਨੀ ਟੀਮ ਸ਼ਾਮਲ ਸੀ। ਇਸ ਤੋਂ ਬਾਅਦ ਟੀਮ ਨੇ ਅਮਨ ਤਿਵਾੜੀ ਉਰਫ਼ ਮੂਨ ਦੇ ਨਾਰਮਾਊ ਸਥਿਤ ਘਰ ਤੇ ਛਾਪਾ ਮਾਰ ਕੇ 10 ਲੋਕਾਂ ਨੂੰ ਫੜ ਲਿਆ। ਇਹ ਸਾਰੇ ਕੋਲਕਾਤਾ ਨਾਈਟ ਰਾਈਡਰਜ਼ ਅਤੇ ਹੈਦਰਾਬਾਦ ਵਿਚਾਲੇ ਹੋਏ ਮੈਚ ਤੇ ਸੱਟਾ ਲਗਾ ਰਹੇ ਸਨ। ਮੁਲਜ਼ਮਾਂ ਦੇ ਮੋਬਾਈਲ ਫੋਨਾਂ ਤੇ ਓਲਾ ਵੈਟ 99 ਸੱਟੇਬਾਜ਼ੀ ਐਪ ਅਤੇ ਡਾਇਮੰਡ ਐਕਸਚੇਂਜ 99 ਐਪ ਡਾਊਨਲੋਡ ਕੀਤੀ ਗਈ ਸੀ, ਜਿਸ ਰਾਹੀਂ ਸੱਟੇਬਾਜ਼ੀ ਕੀਤੀ ਜਾ ਰਹੀ ਸੀ।

ਪੁਲਿਸ ਨੇ ਦੱਸਿਆ ਕਿ ਫੜੇ ਗਏ ਦੋਸ਼ੀਆਂ ਨੇ ਆਪਣਾ ਨਾਮ ਮੁਹੰਮਦ ਦੱਸਿਆ ਹੈ। ਬਲਾਕ ਪੁਰਾਣੀ ਬਸਤੀ ਦੇ ਵਸਨੀਕ ਕਾਕਾਦੇਵ ਪੀ. ਇਮਰਾਨ, ਮੁਹੰਮਦ. ਰਹੀਮ ਉਰਫ਼ ਅਯਾਜ਼, ਆਮਿਰ ਖ਼ਾਨ ਵਾਸੀ ਰਾਵਤਪੁਰ ਰੌਸ਼ਨ ਨਗਰ, ਇਰਫ਼ਾਨ ਖ਼ਾਨ ਉਰਫ਼ ਬਬਲੂ, ਤੈਯਬ ਅਹਿਮਦ ਵਾਸੀ ਨਰਮਾ, ਜਨਾਬ ਅਲੀ, ਵਾਸੀ ਮਸਵਾਨਪੁਰ ਚੂੜੀਆਂ ਵਾਲੀ ਗਲੀ, ਮੁਹੰਮਦ। ਇਰਫਾਨ, ਮੰਧਾਨਾ ਹੋਰਾ ਬੰਗੜ ਨਿਵਾਸੀ ਗੌਰਵ ਦਿਵੇਦੀ ਉਰਫ ਗੋਰ, ਆਵਾਸ ਵਿਕਾਸ ਅਸ਼ੋਕ ਵਾਟਿਕਾ ਨਿਵਾਸੀ ਇਰਸ਼ਾਦ ਅਹਿਮਦ, ਰਾਵਤਪੁਰ ਸ਼ਿਵਪੁਰੀ ਨਿਵਾਸੀ ਰਾਜ਼ੀ ਖਾਨ ਸ਼ਾਮਲ ਹਨ। ਫਿਲਹਾਲ 15 ਨੂੰ ਜੇਲ ਭੇਜਣ ਤੋਂ ਬਾਅਦ ਪੁਲਸ ਹੁਣ ਹੋਰ ਫਰਾਰ ਸੱਟੇਬਾਜ਼ਾਂ ਦੀ ਭਾਲ ਚ ਲੱਗੀ ਹੋਈ ਹੈ।

# ਸਵੱਛ ਭਾਰਤ ਮੁਹਿਮ ਸਬੰਧੀ ਖੇੜਾ ਰੋਡ ਵਿਖੇ ਨਾਗਰਿਕਾਂ ਤੋਂ ਲਈ ਫੀਡਬੈਕ




ਫਗਵਾੜਾ 5 ਅਪ੍ਰੈਲ ( ਸੁਸ਼ੀਲ ਸ਼ਰਮਾ ) ਨਗਰ ਨਿਗਮ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਦੇ ਨਿਰਦੇਸ਼ਾਂ ਅਤੇ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੇ ਯਤਨਾਂ ਸਦਕਾ ਸਵੱਛ ਸਰਵੇਖਣ 2024 ਤਹਿਤ ਸ਼ਹਿਰ ਦੀ ਸਫਾਈ ਵਿਵਸਥਾ ਦੀ ਜਾਣਕਾਰੀ ਲੈਣ ਸਬੰਧੀ ਫੀਡਬੈਕ ਮੀਟਿੰਗ ਸੀਨੀਅਰ ਸਿਟੀਜਨ ਕੇਅਰ ਸੈਂਟਰ ਖੇੜਾ ਰੋਡ ਫਗਵਾੜਾ ਵਿਖੇ ਹੋਈ। ਜਿਸ ਦੀ ਪ੍ਰਧਾਨਗੀ ਨਗਰ ਨਿਗਮ ਦੇ ਸਹਾਇਕ ਕਮਿਸ਼ਨਰ ਅਸ਼ੀਸ਼ ਬਾਂਸਲ ਨੇ ਕੀਤੀ। ਮੀਟਿੰਗ ਵਿਚ ਪ੍ਰੇਮ ਨਗਰ ਸੇਵਾ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ, ਸੀਨੀਅਰ ਸਿਟੀਜਨ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਵਿਸ਼ਵਾਮਿੱਤਰ ਸ਼ਰਮਾ ਅਤੇ ਏਕ ਕੋਸ਼ਿਸ਼ ਸੰਸਥਾ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਸਹਾਇਕ ਕਮਿਸ਼ਨਰ ਅਸ਼ੀਸ਼ ਬਾਂਸਲ ਨੇ ਸੀਨੀਅਰ ਸਿਟੀਜਨ ਵੈਲਫੇਅਰ ਸੁਸਾਇਟੀ ਦੇ ਕੰਮਕਾਜ ਅਤੇ ਬਿਲਡਿੰਗ ਬਾਰੇ ਜਾਣਕਾਰੀ ਹਾਸਲ ਕਰਨ ਉਪਰੰਤ ਮੈਂਬਰਾਂ ਵਲੋਂ ਸੀਨੀਅਰ ਸਿਟੀਜਨ ਸੈਂਟਰ ਦੇ ਵਿਸਥਾਰ ਸਬੰਧੀ ਅਪੀਲ ਬਾਰੇ ਵਿਚਾਰ ਕਰਨ ਦਾ ਭਰੋਸਾ ਦਿੱਤਾ। ਉਹਨਾਂ ਨੇ ਸੀਨੀਅਰ ਸਿਟੀਜਨ ਨੂੰ ਵੀ ਸਵੱਛ ਭਾਰਤ ਮੁਹਿਮ ਨਾਲ ਜੁੜਨ ਦਾ ਸੱਦਾ ਦਿੱਤਾ। ਇਸ ਮੌਕੇ ਸਵੱਛ ਭਾਰਤ ਮਿਸ਼ਨ ਦੇ ਆਈ.ਈ.ਸੀ.ਸੀ. ਐਕਸਪਰਟ ਪੂਜਾ ਸ਼ਰਮਾ, ਸੁਨੀਤਾ ਸ਼ਰਮਾ ਅਤੇ ਆਸ਼ਾ ਨੇ ਹਾਜਰੀਨ ਨੂੰ ਸੰਬੋਧਨ ਕਰਦਿਆਂ ਸਵੱਛਤਾ ਸਰਵੇਖਣ 2024 ਬਾਰੇ ਵਿਸਥਾਰ ਨਾਲ ਦੱਸਿਆ। ਉਹਨਾਂ ਕਿਹਾ ਕਿ ਇਸ ਮੀਟਿੰਗ ਦਾ ਆਯੋਜਨ ਭਾਰਤ ਸਰਕਾਰ ਦੀ ਇਸ ਮੁਹਿਮ ਸਬੰਧੀ ਨਾਗਰਿਕਾਂ ਤੋਂ ਫੀਡਬੈਕ ਲੈਣਾ ਹੈ। ਜਿਸ ਤਹਿਤ ਆਨਲਾਈਨ 10 ਸੁਆਲ ਪੁੱਛੇ ਜਾਂਦੇ ਹਨ। ਫੀਡਬੈਕ ਦੇ ਆਧਾਰ ਤੇ ਸਵੱਛਤਾ ਮੁਹਿਮ ਨੂੰ ਸਫਲ ਬਨਾਉਣ ਲਈ ਹੋਰ ਲੋੜੀਂਦੇ ਉਪਰਾਲੇ ਕੀਤੇ ਜਾਂਦੇ ਹਨ। ਹਾਜਰੀਨ ਵਲੋਂ ਵੀ ਆਪੋ ਆਪਣੇ ਸੁਝਾਅ ਦਿੱਤੇ ਗਏ। ਮੀਟਿੰਗ ਦੌਰਾਨ ਹਾਜਰੀਨ ਨੂੰ ਡਸਟਬਿਨ ਅਤੇ ਕਪੜੇ ਦੇ ਥੈਲੇ ਭੇਂਟ ਕਰਦਿਆਂ ਪਲਾਸਟਿਕ ਦੀ ਵਰਤੋਂ ਨਾ ਕਰਨ ਅਤੇ ਗਿੱਲਾ ਤੇ ਸੁੱਕਾ ਕੂੜਾ ਵੱਖਰਾ ਇਕੱਠਾ ਕਰਨ ਦੀ ਅਪੀਲ ਕੀਤੀ ਗਈ। ਇਸ ਮੌਕੇ ਨਗਰ ਨਿਗਮ ਫਗਵਾੜਾ ਦੇ ਸੈਨੇਟਰੀ ਇੰਸਪੈਕਟਰ ਹੀਤੇਸ਼ ਸ਼ਰਮਾ ਤੋਂ ਇਲਾਵਾ ਮੋਹਨ ਲਾਲ ਤਨੇਜਾ, ਮਨੀਸ਼ ਕਨੌਜੀਆ, ਰਾਮ ਲੁਭਾਇਆ, ਬਲਦੇਵ ਸ਼ਰਮਾ, ਸੁਭਾਸ਼ ਗੋਗਨਾ, ਸੁਧਾ ਬੇਦੀ, ਸੁਰਿੰਦਰ ਪਾਲ ਸਕੱਤਰ ਸਮੇਤ ਵਾਰਡ ਦੇ ਵਸਨੀਕ ਹਾਜਰ ਸਨ।

# ਸਰਬ ਨੌਜਵਾਨ ਸਭਾ ਵਲੋਂ ਸੰਚਾਲਿਤ ਵੋਕੇਸ਼ਨਲ ਸੈਂਟਰ ‘ਚ ਕਰਵਾਇਆ ਵਿੱਤੀ ਸਾਖਰਤਾ ਵਿਸ਼ੇ ‘ਤੇ ਸੈਮੀਨਾਰ



ਫਗਵਾੜਾ ( ਸੁਸ਼ੀਲ ਸ਼ਰਮਾ ) ਸਰਬ ਨੌਜਵਾਨ ਸਭਾ ਵੱਲੋਂ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਸਥਾਨਕ ਸਕੀਮ ਨੰਬਰ 3, ਹੁਸ਼ਿਆਰਪੁਰ ਰੋਡ ਵਿਖੇ ਸੰਚਾਲਿਤ ਵੋਕੇਸ਼ਨਲ ਸੈਂਟਰ ਵਿਖੇ ਅੱਜ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ.ਪੀ.ਯੂ.) ਦੇ ਮਿੱਤਲ ਸਕੂਲ ਆਫ ਬਿਜਨੇਸ ਵਲੋਂ ਵਿੱਤੀ ਸਾਖਰਤਾ ਵਿਸ਼ੇ ਤੇ ਇਕ ਸੈਮੀਨਾਰ ਕਰਵਾਇਆ ਗਿਆ। ਇਸ ਦੌਰਾਨ ਮੁੱਖ ਬੁਲਾਰਿਆਂ ਵਜੋਂ ਪਹੁੰਚੇ ਪ੍ਰੋਫੈਸਰ ਰਵੀ ਅਤੇ ਅਨੂਪ ਮੋਹੰਤੀ ਵੱਲੋਂ ਬਚਤ ਦੀ ਜ਼ਰੂਰਤ ਅਤੇ ਵੱਖ ਵੱਖ ਵਿੱਤੀ ਧੋਖੇਧੜੀਆਂ ਤੋਂ ਬਚਾਅ ਬਾਰੇ ਜਾਗਰੁਕ ਕਰਦੇ ਹੋਏ ਵੋਕੇਸ਼ਨਲ ਸੈਂਟਰ ਦੀਆਂ ਸਿੱਖਿਆਰਥਣਾਂ ਨੂੰ ਮਹੱਤਵਪੂਰਣ ਜਾਣਕਾਰੀ ਦਿੱਤੀ ਗਈ। ਪ੍ਰੋਫੈਸਰ ਰਵੀ ਕੁਮਾਰ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਪੈਸਿੱਆਂ ਦੀ ਬੱਚਤ ਪੁੱਤਰਾਂ ਵਾਂਗ ਹੁੰਦੀ ਹੈ ਜੋ ਬੁਢਾਪੇ ਜਾਂ ਲਾਚਾਰੀ ਸਮੇਂ ਕੰਮ ਆਉਂਦੀ ਹੈ। ਇਸ ਮੌਕੇ ਲੈਕਚਰਾਰ ਹਰਜਿੰਦਰ ਗੋਗਨਾ, ਰਵਿੰਦਰ ਸਿੰਘ ਰਾਏ ਰਿਟਾ. ਬੈਂਕ ਮੈਨੇਜਰ, ਸਮਾਜ ਸੇਵਕ ਰਮਨ ਨਹਿਰਾ ਨੇ ਵਿੱਤੀ ਧੋਖਾਧੜੀ ਬਾਰੇ ਜਾਗਰੁਕ ਕਰਦਿਆਂ ਕਿਹਾ ਕਿ ਅੱਜਕਲ ਆਨਲਾਈਨ ਫਰਾਡ ਬਹੁਤ ਜਿਆਦਾ ਵੱਧ ਗਏ ਹਨ। ਜੇਕਰ ਕੋਈ ਵਿਅਕਤੀ ਆਪਣੇ ਬਚਤ ਖਾਤੇ ਦੀ ਆਨਲਾਈਨ ਵਰਤੋਂ ਕਰਦਾ ਹੈ ਤਾਂ ਉਸਨੂੰ ਬਹੁਤ ਸਚੇਤ ਰਹਿਣ ਦੀ ਲੋੜ ਹੈ। ਉਹਨਾਂ ਦੱਸਿਆ ਕਿ ਵਿਦੇਸ਼ਾਂ ਤੋਂ ਰਿਸ਼ਤੇਦਾਰਾਂ ਦੀ ਆਵਾਜ ਵਿਚ ਫੋਨ, ਕਰੈਡਿਟ ਕਾਰਡ ਬਨਾਉਣ ਦਾ ਲਾਲਚ ਜਾਂ ਬੈਂਕ, ਪੁਲਿਸ, ਈ.ਡੀ. ਆਦਿ ਦੇ ਅਧਿਕਾਰੀ ਦੱਸਕੇ ਵੀ ਆਨਲਾਈਨ ਠੱਗਾਂ ਵਲੋਂ ਓ.ਟੀ.ਪੀ. ਸਾਂਝਾ ਕਰਨ ਲਈ ਕਹਿ ਕੇ ਤੇ ਡਿਜੀਟਲ ਅਰੈਸਟ ਆਦਿ ਦੇ ਰੂਪ ਵਿਚ ਠੱਗੀ ਦੇ ਜਾਲ ਵਿਚ ਫਸਾਉਣ ਦੀਆਂ ਬਹੁਤ ਸਾਰੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ। ਇਸ ਲਈ ਅਜਿਹੇ ਠੱਗਾਂ ਦੀ ਸ਼ਿਕਾਇਤ ਤੁਰੰਤ ਪੁਲਿਸ ਨੂੰ ਕਰਨੀ ਚਾਹੀਦੀ ਹੈ। ਅਖੀਰ ਵਿਚ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਇਸ ਜਾਗਰੂਕਤਾ ਪ੍ਰੋਗਰਾਮ ਲਈ ਮਿੱਤਲ ਸਕੂਲ ਆਫ ਬਿਜਨੇਸ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਅਜਿਹੇ ਲਾਹੇਵੰਦ ਪ੍ਰੋਗਰਾਮਾਂ ਲਈ ਹਮੇਸ਼ਾ ਸਹਿਯੋਗ ਦਾ ਭਰੋਸਾ ਦਿੱਤਾ। ਸਭਾ ਵਲੋਂ ਮੁੱਖ ਬੁਲਾਰਿਆਂ ਅਤੇ ਉਹਨਾਂ ਦੇ ਨਾਲ ਪਹੁੰਚੇ ਮਿੱਤਲ ਸਕੂਲ ਆਫ ਬਿਜਨਸ ਨਾਲ ਜੁੜੇ ਵਿਦਿਆਰਥੀਆਂ ਯਸ਼ ਕਾਇਲ, ਸ੍ਰਿਸ਼ਟੀ, ਮਾਨਵ, ਸਾਹਿਲ ਅਤੇ ਟੋਕੋ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਮੈਨੇਜਰ ਜਗਜੀਤ ਸੇਠ, ਪਰਮਜੀਤ ਰਾਏ, ਮੈਡਮ ਤਨੂੰ, ਮੈਡਮ ਗੁਰਜੀਤ ਕੌਰ , ਮੈਡਮ ਨਵਜੋਤ ਕੌਰ, ਮੈਡਮ ਆਸ਼ੂ ਬੱਗਾ, ਮੈਡਮ ਸਪਨਾ ਸ਼ਾਰਦਾ, ਗੁਰਸ਼ਰਨ ਬਾਸੀ ਤੋਂ ਇਲਾਵਾ ਸੈਂਟਰ ਦੀਆਂ ਵਿਦਿਆਰਥਣਾਂ ਸਿਮਰਨ, ਅਮਨਪ੍ਰੀਤ, ਕੋਮਲ, ਹਰਮਨ, ਕਿਰਨ, ਮਮਤਾ , ਹਰਮੀਨ , ਅੰਜਲੀ ਕੁਮਾਰੀ, ਪ੍ਰਿਯੰਕਾ, ਨੇਹਾ, ਗਗਨਦੀਪ ਸਨਜਨਾ, ਪਰਭਜੋਤ, ਖੁਸ਼ੀ , ਅੰਜਲੀ ਹੀਰ, ਸਵੀਟੀ, ਨੀਰਜ, ਸਨੇਹਾ, ਜਸਪ੍ਰੀਤ, ਪ੍ਰਿਆ, ਗੀਤਾ, ਨੇਹਾ, ਰਿਮਪਿ ਰਾਣੀ, ਸੁਰਜੀਤ, ਖੁਸ਼ੀ, ਰਜਨੀ, ਜਸਪ੍ਰੀਤ ਕੌਰ, ਸੀਮਾ, ਨਿਸ਼ਾ, ਜਯੋਤੀ, ਰਮਣ, ਕਮਲ, ਲਵਪ੍ਰੀਤ, ਅਨਜੁਨਾ, ਕੌਸ਼ਲਿਆ, ਰੋਸ਼ਨੀ, ਪਿੰਕੀ, ਗੁਰਪ੍ਰੀਤ ਕੌਰ, ਮਨਪ੍ਰੀਤ ਕੌਰ, ਹਰਪ੍ਰੀਤ ਕੌਰ, ਨੇਹਾ, ਪ੍ਰਿਆ, ਦਿਲਜੋਤ, ਅਮਨਦੀਪ, ਮਨਰਾਜ, ਕਮਲ, ਗੁਰਪ੍ਰੀਤ ਕੌਰ, ਰਮਨਦੀਪ, ਜਯੋਤੀ, ਰੇਨੁਕਾ, ਜੈਸਮੀਨ, ਲਵਲੀਨ, ਮੇਘਾ, ਬਲਜੀਤ, ਜੈਸਮੀਨ ਆਦਿ ਹਾਜ਼ਰ ਸਨ।

# ਮਹਿਦੂਦਾਂ ਵੱਲੋਂ ਤੇਲਗਾਨਾ ਸਰਕਾਰ ਦੇ ਕੁਦਰਤ ਵਿਰੋਧੀ ਕਾਰੇ ਦੀ ਨਿੰਦਾ



ਲੁਧਿਆਣਾ ( ਸੁਖਚੈਨ ਮਹਿਰਾ) ਤੇਲਗਾਨਾ ਸੂਬੇ ਦੀ ਹੈਦਰਾਬਾਦ ਯੂਨੀਵਰਸਿਟੀ ਦੇ ਨਾਲ ਲੱਗਦੇ ਕਾਂਚਾ ਗਾਚੀਬੌਵਲੀ ਜੰਗਲ ਵਿੱਚ ਰੁੱਖਾਂ ਦੀ ਕਟਾਈ ਸ਼ੁਰੂ ਹੋਣ ਤੋਂ ਬਾਅਦ ਸੋਸ਼ਲ ਮੀਡੀਆ ਉੱਤੇ ਉਥੋਂ ਦੇ ਪ੍ਰਭਾਵਿਤ ਪੰਛੀਆਂ ਅਤੇ ਜਾਨਵਰਾਂ ਦੀਆਂ ਨਿਰਾਸ਼ਾਜਨਕ ਵੀਡੀਓ ਵਾਇਰਲ ਹੋ ਰਹੀਆਂ ਹਨ ਜਿਸ ਵਿੱਚ ਉਹ ਪ੍ਰਭਾਵਿਤ ਪੰਛੀ ਤੇ ਜਾਨਵਰ ਆਪਣੇ ਜੀਵਨ ਦੀ ਭੀਖ ਮੰਗਦੇ ਪ੍ਰਤੀਤ ਹੋ ਰਹੇ ਹਨ। ਉਨ੍ਹਾਂ ਦਾ ਦਰਦ ਦੇਖਿਆ ਨਹੀ ਜਾ ਰਿਹਾ ਜਿਸ ਬਾਬਤ ਤੇਲਗਾਨਾ ਸਰਕਾਰ ਇਸ ਉਜਾੜੇ ਪ੍ਰਤੀ ਸੰਜੀਦਗੀ ਨਾਲ ਫੈਸਲਾ ਲਵੇ। 400 ਏਕੜ ਦੇ ਉਜਾੜੇ ਜਾ ਰਹੇ ਇਸ ਨਾਲ ਜੰਗਲ ਨਾਲ ਕੇਵਲ ਏਨ੍ਹਾ 8 ਤੋਂ ਜਿਆਦਾ ਕਿਸਮਾਂ ਦੇ ਪੰਛੀ ਤੇ ਜਾਨਵਰ ਹੀ ਨਹੀਂ ਪ੍ਰਭਾਵਿਤ ਹੋਵੇਗਾ ਬਲਕਿ ਮਨੁੱਖੀ ਜੀਵਨ ਵੀ ਪ੍ਰਭਾਵਿਤ ਹੋਵੇਗਾ। ਏਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਪੀ ਐਸ ਈ ਬੀ ਇੰਪਲਾਈਜ ਫੈਡਰੈਸ਼ਨ ਏਟਕ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮਹਿਦੂਦਾਂ ਨੇ ਕੀਤਾ। ਉਨ੍ਹਾਂ ਇਸ ਉਜਾੜੇ ਦੀ ਨਿੰਦਾ ਕਰਦਿਆਂ ਕਿਹਾ ਕਿ ਸੁਣਨ ਚ ਆਇਆ ਹੈ ਕਿ 400 ਏਕੜ ਦੇ ਹਰੇ ਭਰੇ ਜੰਗਲ ਨੂੰ ਉਜਾੜ ਕੇ ਆਈਟੀ ਪਾਰਕ ਬਣਾਉਣ ਦੀਆਂ ਖਬਰਾਂ ਹਨ ਪਰ ਅੱਜ ਜਨ ਜੀਵਨ ਲਈ ਆਈਟੀ ਪਾਰਕ ਤੋਂ ਜਿਆਦਾ ਜ਼ਰੂਰੀ ਜੰਗਲ ਹਨ। ਉਨ੍ਹਾਂ ਮਾਣਯੋਗ ਸੁਪਰੀਮ ਕੋਰਟ ਵੱਲੋਂ ਇਸ ਉਜਾੜੇ ਤੇ ਆਰਜੀ ਤੌਰ ਤੇ ਲਗਾਈ ਰੋਕ ਲਈ ਧੰਨਵਾਦ ਕਰਦਿਆਂ ਬੇਨਤੀ ਕੀਤੀ ਕਿ 7 ਅਪ੍ਰੈਲ ਨੂੰ ਹੋਣ ਜਾ ਰਹੀ ਸੁਣਵਾਈ ਤੇ ਇਸ ਰੋਕ ਨੂੰ ਸਥਾਈ ਤੌਰ ਤੇ ਕਰ ਦਿੱਤਾ ਜਾਵੇ ਤਾਂ ਕਿ ਹਜ਼ਾਰਾਂ ਦੀ ਗਿਣਤੀ ਵਿੱਚ ਪ੍ਰਭਾਵਿਤ ਹੋਣ ਵਾਲੇ ਪੰਛੀ ਤੇ ਜਾਨਵਰਾਂ ਦੇ ਨਾਲ ਨਾਲ ਮਨੁੱਖੀ ਜੀਵਨ ਨੂੰ ਵੀ ਰਾਹਤ ਮਿਲੇ। ਸ੍ਰ ਮਹਿਦੂਦਾਂ ਨੇ ਦੇਸ਼ ਭਰ ਦੇ ਵਾਤਾਵਰਨ ਪ੍ਰੇਮੀਆਂ ਦੇ ਨਾਲ ਨਾਲ ਆਮ ਲੋਕਾਂ ਨੂੰ ਕਿਸੇ ਵੀ ਜਗ੍ਹਾ ਉੱਤੇ ਹੋਣ ਵਾਲੇ ਅਜਿਹੇ ਉਜਾੜੇ ਦੇ ਖਿਲਾਫ ਜਿੱਥੇ ਮੋਰਚਾ ਖੋਲਣ ਦੀ ਅਪੀਲ ਕੀਤੀ ਉਥੇ ਹੀ ਸਰਕਾਰਾਂ ਨੂੰ ਜੰਗਲ ਦਾ ਰਕਬਾ ਵਧਾਉਣ ਦੀ ਅਪੀਲ ਵੀ ਕੀਤੀ।

# ਵਿਧਾਇਕਾ ਮਾਣੂੰਕੇ ਦੇ ਯਤਨਾਂ ਸਦਕਾ ਪਿੰਡ ਬਜੁਰਗ ਵਿਖੇ ਬਣੇਗਾ ਨਵਾਂ 66 ਕੇਵੀ ਗਰਿੱਡ



ਜਗਰਾਉਂ (ਲੋਕ ਬਾਣੀ)-ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਹਲਕੇ ਅੰਦਰ ਬਿਜਲੀ ਦੀਆਂ ਸਮੱਸਿਆਵਾਂ ਨੂੰ ਦੂਰ ਕਰਨ ਲਈ ਲਗਾਤਾਰ ਇੱਕ ਤੋਂ ਬਾਅਦ ਇੱਕ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਹੁਣ ਪੰਜਾਬ ਸਰਕਾਰ ਅਤੇ ਪੰਜਾਬ ਦੇ ਬਿਜਲੀ ਵਿਭਾਗ ਕੋਲੋਂ ਜਗਰਾਉਂ ਹਲਕੇ ਦੇ ਪਿੰਡ ਬੁਜਰਗ ਵਿਖੇ ਬਿਜਲੀ ਦਾ ਨਵਾਂ 66 ਕੇਵੀ ਗਰਿੱਡ ਮੰਨਜੂਰ ਕਰਵਾ ਲਿਆ ਹੈ ਅਤੇ ਬਿਜਲੀ ਵਿਭਾਗ ਵੱਲੋਂ ਇਸ ਗਰਿੱਡ ਨੂੰ ਬਨਾਉਣ ਲਈ ਪੌਣੇ ਸੱਤ ਕਰੋੜ ਰੁਪਏ ਦੀ ਰਕਮ ਵੀ ਜਾਰੀ ਕਰ ਦਿੱਤੀ ਹੈ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਟਰਾਂਸਮਿਸ਼ਨ ਪਲੇਨਿੰਗ ਵਿਭਾਗ ਦੇ ਅਮੈਂਡਮੈਂਟ ਨੰ:60/2023-24 ਦੀ ਕਾਪੀ ਵਿਖਾਉਂਦੇ ਹੋਏ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਦੱਸਿਆ ਕਿ ਉਹਨਾਂ ਵੱਲੋਂ ਬਿਜਲੀ ਵਿਭਾਗ ਜਗਰਾਉਂ ਦੇ ਐਕਸੀਅਨ ਇੰਜ:ਗੁਰਪ੍ਰੀਤਮਹਿੰਦਰ ਸਿੰਘ ਸਿੱਧੂ ਅਤੇ ਉਹਨਾਂ ਦੇ ਨਾਲ ਤੈਨਾਤ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਟੀਮ ਦੇ ਸਹਿਯੋਗ ਨਾਲ ਜਗਰਾਉਂ ਹਲਕੇ ਦੇ ਲੋਕਾਂ ਨੂੰ ਘੱਟ ਬਿਜਲੀ ਦੀ ਵੋਲਟੇਜ ਦੀ ਸਮੱਸਿਆ ਤੋਂ ਨਿਯਾਤ ਦਿਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ, ਜਿਸ ਤਹਿਤ ਪਹਿਲਾਂ ਪਿੰਡ ਗਿੱਦੜਵਿੰਡੀ ਵਿਖੇ ਨਵਾਂ 66 ਕੇਵੀ ਗਰਿੱਡ ਮੰਨਜੂਰ ਕਰਵਾਕੇ ਸਵਾ ਚਾਰ ਕਰੋੜ ਰੁਪਏ ਜਾਰੀ ਕਰਵਾਏ ਜਾ ਚੁੱਕੇ ਹਨ ਅਤੇ ਉਸ ਗਰਿੱਡ ਦੀ ਉਸਾਰੀ ਲਈ ਵਿਭਾਗ ਦੀ ਤਕਨੀਕੀ ਕਾਰਵਾਈ ਸ਼ੁਰੂ ਹੋ ਚੁੱਕੀ ਹੈ ਅਤੇ ਗਿੱਦੜਵਿੰਡੀ ਗਰਿੱਡ ਆਉਣ ਵਾਲੇ ਪੈਡੀ ਸੀਜਨ ਦੌਰਾਨ ਚਾਲੂ ਹੋ ਜਾਵੇਗਾ। ਉਹਨਾਂ ਦੱਸਿਆ ਕਿ ਹੁਣ ਪਿੰਡ ਬੁਜਰਗ ਵਿਖੇ ਬਿਜਲੀ ਦਾ ਨਵਾਂ 66 ਕੇਵੀ ਗਰਿੱਡ ਬਨਾਉਣ ਲਈ ਤਖਮੀਨਾਂ ਤਿਆਰ ਕਰਕੇ ਬਿਜਲੀ ਵਿਭਾਗ ਰਾਹੀਂ ਪੰਜਾਬ ਸਰਕਾਰ ਨੂੰ ਭੇਜਿਆ ਗਿਆ ਸੀ, ਜਿਸ ਨੂੰ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ.ਵੱਲੋਂ ਪ੍ਰਵਾਨ ਕਰਕੇ ਬਿਜਲੀ ਵਿਭਾਗ ਵੱਲੋਂ ਇਸ ਗਰਿੱਡ ਨੂੰ ਬਨਾਉਣ ਲਈ ਪੌਣੇ ਸੱਤ ਕਰੋੜ ਰੁਪਏ ਦੀ ਰਕਮ ਵੀ ਜਾਰੀ ਕਰ ਦਿੱਤੀ ਗਈ ਹੈ। ਇਸ ਵੱਡੀ ਪ੍ਰਾਪਤੀ ਉਤੇ ਐਕਸੀਅਨ ਇੰਜ:ਗੁਰਪ੍ਰੀਤਮਹਿੰਦਰ ਸਿੰਘ ਸਿੱਧੂ, ਪਰਮਜੀਤ ਸਿੰਘ ਚੀਮਾਂ ਅਤੇ ਪਿੰਡ ਬਜੁਰਗ ਦੇ ਸਰਪੰਚ ਜਸਵਿੰਦਰ ਸਿੰਘ ਨੇ ਵਿਧਾਇਕਾ ਮਾਣੂੰਕੇ ਦਾ ਧੰਨਵਾਦ ਕਰਦਿਆਂ ਮਠਿਆਈ ਵੰਡੀ ਗਈ ਅਤੇ ਨਵੇਂ ਗਰਿੱਡ ਦੇ ਸਬੰਧ ਵਿੱਚ ਹੋਰ ਜਾਣਕਾਰੀ ਦਿੰਦੇ ਹੋਏ ਐਕਸੀਅਨ ਸਿੱਧੂ ਨੇ ਦੱਸਿਆ ਕਿ ਪਿੰਡ ਬਜੁਰਗ ਵਿਖੇ ਬਣਨ ਵਾਲੇ 66 ਕੇਵੀ ਗਰਿੱਡ ਵਿੱਚ 66 ਕੇਵੀ ਅਤੇ 11 ਕੇਵੀ ਲਾਈਨਾਂ ਵਾਸਤੇ 381.19 ਲੱਖ ਰੁਪਏ ਦੀ ਲਾਗਤ ਨਾਲ 20 ਐਮ.ਵੀ.ਏ. ਦਾ ਵੱਡਾ ਟਰਾਸਫਾਰਮਰ ਸਥਾਪਿਤ ਹੋਵੇਗਾ ਅਤੇ ਪ੍ਰਪੋਜ਼ ਕੀਤੀਆਂ 66 ਕੇਵੀ ਲਾਈਨਾਂ ਲਈ ਕ੍ਰਮਵਾਰ (1) 113.04 ਲੱਖ (2) 107.84 ਲੱਖ ਅਤੇ (3) 0.87 ਲੱਖ ਰੁਪਏ ਦਾ ਖਰਚਾ ਆਵੇਗਾ। ਉਹਨਾਂ ਦੱਸਿਆ ਕਿ ਇਸ ਗਰਿੱਡ ਦੇ ਬਣਨ ਨਾਲ ਪਿੰਡ ਬਜੁਰਗ ਤੋਂ ਇਲਾਵਾ ਮਲਕ, ਚੀਮਨਾਂ, ਪੋਨਾਂ, ਸਿੱਧਵਾਂ ਖੁਰਦ, ਸਿੱਧਵਾਂ ਕਲਾਂ, ਰਾਊਵਾਲ, ਰਸੂਲਪੁਰ, ਜੰਡੀ, ਲੀਲਾਂ, ਸਵੱਦੀ ਖੁਰਦ, ਰਾਮਗੜ੍ਹ, ਬੋਦਲਵਾਲਾ ਆਦਿ ਪਿੰਡਾਂ ਅਤੇ ਖੇਤੀਬਾੜੀ ਖੇਤਰ ਲਈ ਘੱਟ ਵੋਲਟੇਜ਼ ਦੀ ਵੱਡੀ ਸਮੱਸਿਆ ਦਾ ਹੱਲ ਹੋਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚੇਅਰਮੈਨ ਕਰਮਜੀਤ ਸਿੰਘ ਡੱਲਾ, ਜੀਵਨ ਦੇਹੜਕਾ, ਮਿੰਟੂ ਮਾਣੂੰਕੇ, ਹਰਸਿਮਰ ਕੌਰ ਸਰਪੰਚ, ਅਮਰਜੀਤ ਸਿੰਘ ਵਿਰਕ, ਬਲਰਾਜ ਸਿੰਘ ਰਾਊਵਾਲ, ਜਗਦੀਸ਼ਪਾਲ ਸਿੰਘ ਸੰਗਤਪੁਰਾ, ਜਸਵਿੰਦਰ ਸਿੰਘ ਸੰਗਤਪੁਰਾ, ਗੁਰਵਿੰਦਰ ਸਿੰਘ, ਨੰਬਰਦਾਰ ਸ਼ਰਨਜੀਤ ਸਿੰਘ ਪੰਚ, ਅਵਤਾਰ ਸਿੰਘ ਪੰਚ, ਸੁਖਦੇਵ ਕੌਰ ਪੰਚ, ਪੁਸ਼ਪਾ ਰਾਣੀ ਪੰਚ ਅਤੇ ਰਛਪਾਲ ਸਿੰਘ ਆਦਿ ਨੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਹਲਕੇ ਲਈ ਕੀਤੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਮੁੱਖ ਮੰਤਰੀ ਭਗਵੰਤ

# ਬੁੱਢੇ ਦਰਿਆ 'ਤੇ ਪਿੰਡ ਭੂਖੜੀ ਖੁਰਦ ਇਸ਼ਨਾਨ ਘਾਟ ਬਣਾਉਣ ਦੀ ਸ਼ੁਰੂਆਤ



ਲੁਧਿਆਣਾ( ਸੁਖਚੈਨ ਮਹਿਰਾ)
ਬੁੱਢੇ ਦਰਿਆ 'ਤੇ ਪਿੰਡ ਭੂਖੜੀ ਖੁਰਦ ਵਿਖੇ ਨਵੇਂ ਇਸ਼ਨਾਨ ਘਾਟ ਬਣਾਉਣ ਦੀ ਸ਼ੁਰੂਆਤ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਸ਼ਾਂਝੇ ਤੌਰ 'ਤੇ ਕੀਤੀ।ਦੋਵੇਂ ਆਗੂਆਂ ਨੇ ਕਿਹਾ ਕਿ 13 ਅਪ੍ਰੈਲ ਨੂੰ ਪਿੰਡ ਭੂਖੜੀ ਖੁਰਦ ਵਿਖੇ ਵਿਸਾਖੀ ਮਨਾਈ ਜਾਵੇਗੀ ਅਤੇ ਦਹਾਕਿਆਂ ਬਾਅਦ ਬੁੱਢੇ ਦਰਿਆ ਦੇ ਪੱਤਣਾਂ 'ਤੇ ਸੰਗਤਾਂ ਵਿਸਾਖੀ ਦਾ ਇਸ਼ਨਾਨ ਕਰ ਸਕਣਗੀਆਂ।ਇਸ ਮੌਕੇ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਬੁੱਢੇ ਦਰਿਆ ਦੇ ਪਾਣੀ ਦਾ ਟੀਡੀਐਸ ਮਾਪਿਆ ਤਾਂ ਉਹ 127 ਦੇ ਕਰੀਬ ਆਇਆ।ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆ ਵੀ ਬੁੱਢੇ ਦਰਿਆ ਦੇ ਸਾਫ ਹੋਏ ਪਾਣੀ ਨੂੰ ਦੇਖਕੇ ਬਹੁਤ ਪ੍ਰਸੰਨ ਹੋਏ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਾਣੀਆਂ ਦੇ ਕੁਦਰਤੀ ਸਰੋਤਾਂ ਨੂੰ ਬਚਾਉਣ ਲਈ ਅੱਗੇ ਆਉਂਣ।

ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਉਨ੍ਹਾਂ ਦੀ ਟੀਮ ਮੈਂਬਰਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਦੇ ਅਣਥੱਕ ਯਤਨਾਂ ਸਦਕਾ ਬੁੱਢਾ ਦਰਿਆ ਸਾਫ ਹੋ ਰਿਹਾ ਹੈ।ਉਨ੍ਹਾਂ ਨੇ ਇਸ ਨੂੰ ਇੱਕ ਸਿਫਤੀ ਤਬਦੀਲੀ ਦੱਸਿਆ।ਉਨ੍ਹਾਂ ਕਿਹਾ ਕਿ ਸੰਤ ਸੀਚੇਵਾਲ ਜ ਿਦੇ ਦ੍ਰਿੜ ਇਰਾਦੇ 'ਤੇ ਉਨ੍ਹਾਂ ਨੂੰ ਯਾਕੀਨ ਹੈ ਕਿ ਜਲਦੀ ਹੀ ਸਮੁੱਚਾ ਬੁੱਢਾ ਦਰਿਆ ਸਾਫ ਹੋਵੇਗਾ।ਸਾਫ ਹੋਏ ਦਰਿਆ ਦੇ ਪੱਤਣਾਂ 'ਤੇ ਪਹਿਲਾਂ ਵਾਂਗ ਮੇਲਿਆਂ ਦੀਆਂ ਰੌਣਕਾਂ ਲੱਗਿਆ ਕਰਨਗੀਆਂ

ਪਿੰਡ ਭੂਖੜੀ ਖੁਰਦ ਜਿੱਥੇ ਬੁੱਢੇ ਦਰਿਆ ਵਿੱਚ ਚਾਰ-ਚਾਰ ਫੁੱਟ ਗੋਹਾ ਸੁੱਟਿਆ ਹੋਇਆ ਸੀ।ਉਥੇ ਵਾਤਾਵਰਨ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਅਗਵਾਈ ਵਿੱਚ ਐਕਸਾਵੇਟਰਾਂ ਰਾਹੀ 40 ਦਿਨਾਂ ਵਿੱਚ ਗੋਹਾ ਕੱਢਿਆ ਗਿਆ ਸੀ। ਸੰਤ ਸੀਚੇਵਾਲ ਨੇ ਕਿਹਾ ਕਿ ਉਹ ਅਲੋਚਨਾ ਨਾਲੋਂ ਬਦਲ ਨੂੰ ਤਰਜੀਹ ਦਿੰਦੇ ਆਏ ਹਨ।

ਪਿੰਡ ਦੇ ਸਰਪੰਚ ਸਤਪਾਲ ਸਿੰਘ ਅਤੇ ਪੰਚਾਇਤ ਦੇ ਸਮੂਹ ਮੈਂਬਰਾਂ ਨੇ ਬੁੱਢੇ ਦਰਿਆ ਵਿੱਚ ਦਹਾਕਿਆਂ ਬਾਅਦ ਮਨਾਈ ਜਾ ਰਹੀ ਵਿਸਾਖੀ ਵਿੱਚ ਆਉਣ ਦਾ ਖੁੱਲ੍ਹਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਪਿੰਡ ਵਿੱਚੋਂ ਲੰਘਦਾ ਬੁੱਢਾ ਦਰਿਆ ਸਾਫ ਵੱਗਣ ਲੱਗ ਪਿਆ ਹੈ। ਇਹ ਉਨ੍ਹਾਂ ਨੂੰ ਕਿਸੇ ਸੁਪਨੇ ਵਾਂਗ ਹੀ ਲੱਗੀ ਜਾ ਰਿਹਾ ਹੈ।

ਇਸ ਤੋਂ ਪਹਿਲਾਂ ਇਸ਼ਨਾਨ ਘਾਟ ਬਣਾਉਣ ਸਮੇਂ ਅਰਦਾਸ ਬੇਨਤੀ ਕਰਨ ਤੋਂ ਬਾਅਦ ਘਾਟ ਬਣਾਉਣ ਦੀ ਰਸਮੀ ਕਾਰ ਸੇਵਾ ਸ਼ੁਰੂ ਕੀਤੀ ਗਈ।ਇਸ ਮੌਕੇ ਉਨ੍ਹਾਂ ਪਿੰਡਾਂ ਦੇ ਸਰਪੰਚ ਵੀ ਹਾਜ਼ਰ ਸਨ ਜਿੰਨ੍ਹਾਂ ਦੇ ਪਿੰਡਾਂ ਵਿੱਚ ਸੀਚੇਵਾਲ ਮਾਡਲ ਸਥਾਪਿਤ ਕਰਕੇ ਬੁੱਢੇ ਦਰਿਆ ਵਿੱਚ ਗੰਦੇ ਪਾਣੀ ਪੈਣ ਤੋਂ ਰੋਕਣ ਦੇ ਪ੍ਰਬੰਧ ਕੀਤੀ ਗਏ ਹਨ। ਇੰਨ੍ਹਾਂ ਵਿੱਚ ਲੱਖੋਵਾਲ ਦੇ ਸਰਪੰਚ ਸਤਨਾਮ ਸਿੰਘ,ਖਾਸ਼ੀ ਕਲਾਂ ਦੇ ਸਰਪੰਚ ਕਰਮਜੀਤ ਸਿੰਘ,ਖਾਸੀ ਖੁਰਦ ਦੇ ਸਰਪੰਚ ਮਨਜੀਤ ਸਿੰਘ,ਬੁੱਢੇਵਾਲ ਦੇ ਸਰਪੰਚ ਇੰਦਰਜੀਤ ਸਿੰਘ,ਸਰਪੰਚ ਐਮਐਸ ਨਗਰ ਬਲਵਿੰਦਰ ਸਿੰਘ,ਸਰਪੰਚ ਧਨਾਸੂੰ ਦਵਿੰਦਰ ਸਿੰਘ ਬਾਬਾ ਬੱਗਾ ਸਿੰਘ,ਸੰਤ ਭਗਤ ਸਿੰਘ ਢੱਕੀ ਸਾਹਿਬ,ਨੰਬਰਦਾਰ ਭੂਖੜੀ ਖੁਰਦ ਸੁਖਵਿੰਦਰ ਸਿੰਘ,ਹਰਦੇਵ ਸਿੰਘ ਦੌਧਰ ਸਮੇਤ ਹੋਰ ਆਗੂ ਹਾਜ਼ਰ ਸਨ।

# ਐੱਸ.ਐੱਸ.ਐੱਮ ਕਾਲਜ, ਦੀਨਾਨਗਰ ਵਿਖੇ ਪੰਜਾਬੀ ਦੇ ਪ੍ਰਸਿੱਧ ਸਾਹਿਤਕਾਰ ਸ. ਧਿਆਨ ਸਿੰਘ ਸ਼ਾਹ ਸਿਕੰਦਰ ਜੀ ਰਚਿਤ ਤੇ ਜੁਗਲ ਕਿਸ਼ੋਰ 'ਪੰਗੋਤਰਾ' ਦੁਆਰਾ ਸੰਪਾਦਿਤ ਪੁਸਤਕ 'ਇੱਕ ਸੀ ਭੂਆ' ਦੇ ਲੋਕ ਅਰਪਣ ਤੇ ਵਿਚਾਰ-ਗੋਸਟੀ ਦਾ ਸਮਾਰੋਹ ਅਯੋਜਨ ਕੀਤਾ ਗਿਆ।



ਦੀਨਾਨਗਰ (ਡਾ.ਰਮੇਸ਼ ਸਰੰਗਲ ) ਇੰਟਰਨੈਸ਼ਨਲ ਪੰਜਾਬੀ ਸਾਹਿਤ ਸਭਾ, ਦੀਨਾਨਗਰ ਵੱਲੋਂ ਜ਼ਿਲ੍ਹਾ ਭਾਸ਼ਾ ਦਫ਼ਤਰ, ਗੁਰਦਾਸਪੁਰ ਤੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਐੱਸ ਐੱਸ ਐੱਮ ਕਾਲਜ,ਦੀਨਾਨਗਰ ਦੇ ਸਹਿਯੋਗ ਨਾਲ ਐੱਸ.ਐੱਸ.ਐੱਮ ਕਾਲਜ, ਦੀਨਾਨਗਰ ਵਿਖੇ ਪੰਜਾਬੀ ਦੇ ਪ੍ਰਸਿੱਧ ਸਾਹਿਤਕਾਰ ਸ. ਧਿਆਨ ਸਿੰਘ ਸ਼ਾਹ ਸਿਕੰਦਰ ਜੀ ਰਚਿਤ ਤੇ ਜੁਗਲ ਕਿਸ਼ੋਰ 'ਪੰਗੋਤਰਾ' ਦੁਆਰਾ ਸੰਪਾਦਿਤ ਪੁਸਤਕ 'ਇੱਕ ਸੀ ਭੂਆ' ਦੇ ਲੋਕ ਅਰਪਣ ਤੇ ਵਿਚਾਰ-ਗੋਸ਼ਟੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਪੰਜਾਬੀ ਭਾਸ਼ਾ ਤੇ ਸਾਹਿਤ ਨੂੰ ਪਿਆਰ ਕਰਨ ਵਾਲੇ ਡੀ.ਐੱਸ.ਪੀ ਸ. ਸੁਖਵਿੰਦਰ ਪਾਲ ਸਿੰਘ ਹੋਰਾਂ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਸਮਾਗਮ ਦਾ ਆਗਾਜ਼ ਸ਼ਮ੍ਹਾਂ ਰੌਸ਼ਨ ਨਾਲ ਕੀਤਾ ਗਿਆ ਤੇ ਆਏ ਮਹਿਮਾਨਾਂ ਨੂੰ ਫੁੱਲਾਂ ਦੇ ਗਮਲੇ ਦੇ ਕੇ 'ਜੀ ਆਇਆਂ ਨੂੰ' ਆਖਿਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਰ ਕੇ ਤੁਲੀ ਤੇ ਸਭਾ ਦੇ ਪ੍ਰਧਾਨ ਸਨੇਹ ਸਰਿਤਾ ਜੋਸ਼ੀ (ਸੇਵਾ ਮੁਕਤ ਜ਼ਿਲ੍ਹਾ ਸਿੱਖਿਆ ਅਫ਼ਸਰ) ਹੋਰਾਂ ਨੇ ਆਪਣੇ ਸਵਾਗਤੀ ਬੋਲਾਂ ਨਾਲ ਆਏ ਮਹਿਮਾਨਾਂ ਅਤੇ ਦੂਰ ਦੂਰ ਤੋਂ ਆਏ ਵਿਦਵਾਨਾਂ, ਸਾਹਿਤਕਾਰਾਂ ਤੇ ਸਾਹਿਤ ਪ੍ਰੇਮੀਆਂ ਦਾ ਸਵਾਗਤ ਤੇ ਧੰਨਵਾਦ ਕੀਤਾ। ਇਸ ਉਪਰੰਤ ਪ੍ਰਧਾਨਗੀ ਮੰਡਲ ਵੱਲੋਂ ਪੁਸਤਕ ਦੀ ਘੁੰਡ ਚੁਕਾਈ ਕਰਦਿਆਂ ਪੁਸਤਕ ਲੋਕ ਅਰਪਣ ਕੀਤੀ ਗਈ। ਪੁਸਤਕ ਦੀ ਵਿਚਾਰ-ਗੋਸ਼ਟੀ ਦਾ ਪ੍ਰਾਰੰਭ ਪ੍ਰੋ. ਬਲਦੇਵ ਸਿੰਘ 'ਬੱਲੀ' ਹੋਰਾਂ ਨੇ ਕੀਤਾ ਤੇ ਪੁਸਤਕ ਵਿਚਲੀਆਂ ਕਹਾਣੀਆਂ ਦੇ ਹਰੇਕ ਪੱਖ ਨੂੰ ਬਹੁਤ ਸੁਹਣੇ ਢੰਗ ਨਾਲ ਪੇਸ਼ ਕੀਤਾ। ਉਨ੍ਹਾਂ ਕਹਾਣੀਆਂ ਦੇ ਸੂਖਮ ਪਹਿਲੂਆਂ 'ਤੇ ਬਹੁਤ ਵਿਸਥਾਰ ਨਾਲ ਚਰਚਾ ਕਰਦਿਆਂ ਕਿਹਾ ਕਿ ਇਹਨਾਂ ਜੀਵਨੀ ਮੂਲਕ ਕਹਾਣੀਆਂ ਵਿੱਚ ਸਮਾਜ ਦੀਆਂ ਅਨੇਕਾਂ ਸਮੱਸਿਆਵਾਂ ਤੇ ਬੁਨਿਆਦੀ ਮਸਲਿਆਂ ਨੂੰ ਵਿਸ਼ਾ ਬਣਾਇਆ ਗਿਆ ਹੈ। ਪ੍ਰੋ. ਸੁਖਵਿੰਦਰ ਕੌਰ ਤੇ ਡਾ. ਗੁਰਮਨਦੀਪ ਕੌਰ ਹੋਰਾਂ ਦੇ ਭਾਵਪੂਰਤ ਤੇ ਗਹਿਰ ਗੰਭੀਰ ਖੋਜ ਪੱਤਰਾਂ ਨੇ ਪੁਸਤਕ ਦੇ ਹਰੇਕ ਪੱਖ 'ਤੇ ਬਹੁਤ ਵਧੀਆ ਤਰੀਕੇ ਨਾਲ ਰੋਸ਼ਨੀ ਪਾਈ। ਉਹਨਾਂ ਦੇ ਵਿਦਵਤਾ ਭਰਪੂਰ ਖੋਜ ਪੱਤਰਾਂ ਦੀ ਸਭ ਵੱਲੋਂ ਸ਼ਲਾਘਾ ਕੀਤੀ ਗਈ। ਪੁਸਤਕ ਦੇ ਸਿਰਜਕ ਸ. ਧਿਆਨ ਸਿੰਘ ਸ਼ਾਹ ਸਿਕੰਦਰ ਜੀ ਨੇ ਇਸ ਕਿਤਾਬ ਵਿੱਚ ਸ਼ਾਮਲ ਕਹਾਣੀਆਂ ਤੇ ਆਪਣੀ ਸਿਰਜਣ ਪ੍ਰਕਿਰਿਆ ਸੰਬੰਧੀ ਸਾਂਝ ਪਾਈ ਜਦਕਿ ਪੁਸਤਕ ਦੇ ਸੰਪਾਦਕ ਜੁਗਲ ਕਿਸ਼ੋਰ 'ਪੰਗੋਤਰਾ' ਨੇ ਖੁਸ਼ੀ ਜ਼ਾਹਿਰ ਕੀਤੀ ਕਿ ਸ਼ਾਹ ਸਿਕੰਦਰ ਹੋਰਾਂ ਦੀਆਂ ਇਹ ਕਹਾਣੀਆਂ ਗਵਾਚਣ ਤੋਂ ਬਚਾਉਣ ਲਈ ਉਹ ਕੁਝ ਕਰ ਸਕਿਆ ਹੈ ਤੇ ਇਸ ਤੋਂ ਵੀ ਵੱਧ ਖੁਸ਼ੀ ਦੀ ਗੱਲ ਇਹ ਹੈ ਕਿ ਪਾਠਕ ਵਰਗ ਵੱਲੋਂ ਇਸ ਕਿਤਾਬ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਮੁੱਖ ਮਹਿਮਾਨ ਡੀ ਐੱਸ ਪੀ ਸੁਖਵਿੰਦਰ ਪਾਲ ਸਿੰਘ ਹੋਰਾਂ ਕਿਤਾਬ ਨੂੰ ਜਿਸ ਅੰਦਾਜ਼ ਨਾਲ ਵੱਖ ਵੱਖ ਪੱਖਾਂ ਨੂੰ ਉਜਾਗਰ ਕੀਤਾ ਸਭ ਦੰਗ ਰਹਿ ਗਏ।ਇਸ ਕਿਤਾਬ ਸੰਬੰਧੀ ਕਾਲਜ ਦੇ ਪ੍ਰੋ. ਸੁਬੀਰ ਹੋਰਾਂ ਵੀ ਆਪਣੇ ਵਿਚਾਰ ਸਾਂਝੇ ਕੀਤੇ। ਮੰਚ ਦਾ ਸੰਚਾਲਨ ਪ੍ਰੋ. ਗ੍ਰੋਵਰ ਹੋਰਾਂ ਬਹੁਤ ਹੀ ਸੁਹਣੇ ਤੇ ਪ੍ਰਭਾਵਸ਼ਾਲੀ ਢੰਗ ਨਾਲ ਕਰ ਕੇ ਸਭ ਦਾ ਮਨ ਮੋਹ ਲਿਆ। ਜ਼ਿਲ੍ਹਾ ਭਾਸ਼ਾ ਅਫ਼ਸਰ, ਗੁਰਦਾਸਪੁਰ ਹੋਰਾਂ ਦਾ ਅੱਜ ਦੇ ਇਸ ਸਮਾਗਮ ਲਈ ਭੇਜਿਆ ਸੰਦੇਸ਼ ਪੜ੍ਹ ਕੇ ਸੁਣਾਇਆ ਗਿਆ ਤੇ ਉਨ੍ਹਾਂ ਦੀ ਸਿਹਤਯਾਬੀ ਲਈ ਸਭ ਵੱਲੋਂ ਦੁਆਵਾਂ ਕੀਤੀਆਂ ਗਈਆਂ। ਇਸ ਸਮਾਗਮ ਨੂੰ ਸਫ਼ਲਤਾ ਦੀਆਂ ਬੁਲੰਦੀਆਂ ਤੱਕ ਪਹੁੰਚਾਉਣ ਲਈ ਪੰਜਾਬੀ ਵਿਭਾਗ ਦੇ ਮੁਖੀ ਪ੍ਰੋ. ਮਨਜੀਤ ਕੁਮਾਰੀ ਅਤੇ ਬਾਕੀ ਸਟਾਫ਼ ਮੈਂਬਰਾਂ ਦੇ ਨਾਲ ਵਿਦਿਆਰਥੀਆਂ ਵੱਲੋਂ ਵੀ ਭਰਪੂਰ ਸਹਿਯੋਗ ਦਿੱਤਾ ਗਿਆ। ਭਾਸ਼ਾ ਦਫ਼ਤਰ, ਗੁਰਦਾਸਪੁਰ ਵੱਲੋਂ ਲਗਾਈ ਗਈ ਪੁਸਤਕ ਪ੍ਰਦਰਸ਼ਨੀ ਵੀ ਪਾਠਕਾਂ ਤੇ ਵਿਦਿਆਰਥੀਆਂ ਵਿੱਚ ਖਿੱਚ ਦਾ ਕੇਂਦਰ ਰਹੀ। ਸਮਾਗਮ ਦੇ ਅੰਤ 'ਤੇ ਆਏ ਮਹਿਮਾਨਾਂ ਤੇ ਵਿਦਵਾਨਾਂ ਨੂੰ ਯਾਦ ਚਿੰਨ੍ਹ ਤੇ ਸਨਮਾਨ-ਪੱਤਰ ਦੇ ਕੇ ਨਿਵਾਜਿਆ ਗਿਆ। ਇਸ ਸਮਾਰੋਹ ਵਿੱਚ ਸੰਪਾਦਕ ਦੇ ਪਿਤਾ ਰਾਜੇਸ਼ ਸ਼ਰਮਾ, ਡਾ. ਗੁਰਚਰਨ ਗਾਂਧੀ, ਪ੍ਰਿੰਸੀਪਲ ਸੁਖਵੀਰ ਸਿੰਘ ਨੂਰ, ਭੁਪਿੰਦਰ ਠਾਕੁਰ, ਕੁਲਰਾਜ ਖੋਖਰ, ਜਸਵਿੰਦਰ ਅਨਮੋਲ ਹੋਰਾਂ ਵੀ ਹਾਜ਼ਰੀ ਭਰੀ। ਭਾਸ਼ਾ ਦਫ਼ਤਰ, ਗੁਰਦਾਸਪੁਰ ਤੋਂ ਸ਼ਾਮ ਸਿੰਘ, ਮਨਦੀਪ ਸਿੰਘ ਤੇ ਕਾਲਜ ਸਟਾਫ ਵਿੱਚੋਂ ਪ੍ਰੋ.ਸ਼ਿਵਾਨੀ ਠਾਕੁਰ, ਪ੍ਰੋ.ਗੀਤਾਂਜਲੀ, ਪ੍ਰੋ.ਰਵੀਨਾ, ਪ੍ਰੋ.ਰਿੰਪੀ, ਪ੍ਰੋ.ਹਰਸ਼ ਕੁਮਾਰ, ਪ੍ਰੋ.ਮੋਨਿਕਾ ਬਾਵਾ, ਪ੍ਰੋ.ਰਮਨਜੀਤ ਕੌਰ,ਪ੍ਰੋ. ਪ੍ਰੀਆ ਭਗਤ ਆਦਿ ਸ਼ਾਮਲ ਰਹੇ। ਲੰਬਾ ਸਮਾਂ ਚਲਿਆ ਇਹ ਸਮਾਗਮ ਬੇਹੱਦ ਸਫ਼ਲ, ਪ੍ਰਭਾਵਸ਼ਾਲੀ ਤੇ ਵਿਲੱਖਣ ਸੀ ਜਿਸ ਨੇ ਕਾਲਜ ਦੇ ਮਾਹੌਲ ਨੂੰ ਸਾਹਿਤਕ ਤੇ ਵਿਦਵਤਾ ਦੇ ਰੰਗ ਵਿੱਚ ਰੰਗ ਦਿੱਤਾ ਤੇ ਯਾਦਗਾਰੀ ਹੋ ਨਿੱਬੜਿਆ।

# ਡੀ ਏ ਵੀ ਸਕੂਲ ਅਵਾਂਖਾ ਦੀਨਾਨਗਰ ਦੇ 58 ਵਿਦਿਆਰਥੀਆਂ ਵਿੱਚੋਂ 35 ਬੱਚੇ 90 ਪ੍ਰਤੀਸ਼ਤ ਤੋ ਵੱਧ ਨੰਬਰ ਲੈ ਕੇ ਹੋਏ ਪਾਸ।



ਦੀਨਾਨਗਰ (ਡਾ.ਰਮੇਸ਼ ਸਰੰਗਲ )ਐੱਸ.ਐੱਸ.ਡੀ.ਏ. ਵੀ. ਸੀ. ਸੈ. ਸਕੂਲ ਅਵਾਂਖਾ ਦੀਨਾਨਗਰ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋ ਸਾਲ 2024-25 ਦੇ 8ਵੀ ਜਮਾਤ ਦੀ ਪ੍ਰੀਖਿਆ ਦਾ ਨਤੀਜਾ ਸ਼ਤ ਪ੍ਰਤੀਸ਼ਤ ਰਿਹਾ ਹੈ । ਇਸ ਵਿਚ ਸਕੂਲ ਦੇ ਕੁੱਲ੍ਹ 58 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ। ਜਿਸ ਵਿੱਚ 35 ਵਿਦਿਆਰਥੀਆਂ ਨੇ 90% ਤੋਂ ਜ਼ਿਆਦਾ ਅੰਕ ਪ੍ਰਾਪਤ ਕੀਤੇ। ਅੱਠਵੀਂ ਜਮਾਤ ਦੀ ਵਿਦਿਆਰਥਣ ਵੰਸ਼ਿਕਾ ਨੇ 600 ਚੋ 591(98.5) ਅੰਕ ਪ੍ਰਾਪਤ ਕਰਕੇ ਸਟੇਟ ਵਿੱਚ ਦੱਸਵਾਂ, ਜ਼ਿਲ੍ਹੇ ਵਿੱਚ ਦੂਸਰਾ ਅਤੇ ਸਕੂਲ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਹਰਸ਼, ਨਿਸ਼ੀਕਾ ਨੇ 587/600 (97.8%) ਅੰਕ ਪ੍ਰਾਪਤ ਕਰਕੇ ਦੂਸਰਾ, ਨੈਨਸੀ, ਜਸ਼ਨ ਪ੍ਰੀਤ, ਮੰਨਤ ਠਾਕੁਰ, ਮਹਿਕ ਠਾਕੁਰ, ਸ਼ਰੂਤੀ ਦੇਵੀ ਨੇ 584 ( 97.3%) ਅੰਕ ਪ੍ਰਾਪਤ ਕਰਕੇ ਤੀਜਾ, ਤਮੰਨਾ 582(97%) ਅੰਕ ਪ੍ਰਾਪਤ ਕਰਕੇ ਚੌਥਾ, ਗੁਰ ਸ਼ਰਣ 579 (96.50%) ਅੰਕ ਪ੍ਰਾਪਤ ਕਰਕੇ ਪੰਜਵਾਂ, ਸ਼ਾਹਿਦ 576 (96%) ਛੇਵਾਂ, ਅੰਜਲੀ 574 (95.66%) ਅੰਕ ਪ੍ਰਾਪਤ ਕਰਕੇ ਸੱਤਵਾਂ, ਸ਼ਿਵਾਂਗੀ 571(95.14%) ਪ੍ਰਾਪਤ ਕਰਕੇ ਅੱਠਵਾਂ ਪ੍ਰਾਪਤ ਕੀਤਾ। ਪ੍ਰਿੰਸੀਪਲ ਸੁਸ਼ੀਲ ਕੁਮਾਰ ਨੇ ਦੱਸਿਆ ਕਿ ਇਸ ਸ਼ਾਨਦਾਰ ਪ੍ਰਦਰਸ਼ਨ ਦਾ ਸ਼ਨੇਹ ਸਕੂਲ ਦੇ ਮਿਹਨਤੀ ਅਧਿਆਪਕਾਂ ਅਤੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਜਾਂਦਾ ਹੈ। ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ਼੍ਰੀ ਅਰਵਿੰਦ ਮਹਿਤਾ ਜੀ, ਸਚਿਵ ਸ਼੍ਰੀ ਮਤੀ ਮਧੁਰ ਭਾਸ਼ਣੀ ਜੀ, ਪ੍ਰਬੰਧਕ ਰਾਜਨ ਮਹਿਤਾ ਜੀ ਨੇ ਇਸ ਸਫਲਤਾ ਤੇ ਬੱਚਿਆਂ ਅਤੇ ਉਹਨਾਂ ਦੇ ਮਾਪਿਆ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਸ਼੍ਰੀ ਸੁਸ਼ੀਲ ਕੁਮਾਰ ਅਤੇ ਵਾਇਸ ਪ੍ਰਿੰਸੀਪਲ ਸ਼੍ਰੀ ਮਤੀ ਰਚਨਾ ਸੈਣੀ ਜੀ ਨੇ ਬੱਚਿਆਂ ਨੂੰ ਭਵਿੱਖ ਵਿੱਚ ਕੜੀ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

# ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਨੇ ਖੇਡਾਂ ਵਿੱਚ ਮੱਲਾਂ ਮਾਰਨ ਵਾਲੀਆਂ ਵਿਦਿਆਰਥਣਾਂ ਨੂੰ ਕੀਤਾ ਸਨਮਾਨਿਤ




ਅੰਮ੍ਰਿਤਸਰ (ਲੋਕ ਬਾਣੀ) ਮਾਈ ਭਾਗੋ ਸਰਕਾਰੀ ਬਹੁਤਕਨੀਕੀ ਕਾਲਜ ਲੜਕੀਆਂ ਮਜੀਠਾ ਰੋਡ, ਅੰਮ੍ਰਿਤਸਰ ਵਿਖੇ ਕਰਮਜੀਤ ਸਿੰਘ ਰਿੰਟੂ ਚੇਅਰਮੈਨ ਇੰਪਰੂਵਮੈਂਟ ਟਰੱਸਟ, ਅੰਮ੍ਰਿਤਸਰ ਕਾਲਜ ਦੇ ਪ੍ਰੋਗਰਾਮ ਦੌਰਾਨ ਮੁੱਖ ਮਹਿਮਾਨ ਦੇ ਤੌਰ ਤੇ ਪਹੁੰਚੇ। ਇਸ ਮੌਕੇ ਤੇ ਰਿੰਟੂ ਨੇ ਮਾਈ ਭਾਗੋ ਕਾਲਜ ਦੀਆਂ ਵਿਦਿਆਰਥਣਾ ਨੂੰ ਵੱਖ-ਵੱਖ ਈਵੈਂਟ (ਅਥਲੈਟਿਕ ਮੀਟਸ, ਯੂਥ-ਫੈਸਟੀਵਲ, ਪਲੇਸਮੈਂਟ ਡਰਾਈਵ ਅਤੇ ਸਪੋਰਟਸ ਖੇਡਾ) ਵਿੱਚ ਮੱਲਾ ਮਾਰਨ ਤੋਂ ਬਾਅਦ ਮੰਮੈਂਟੋ ਨਾਲ ਸਨਮਾਨਿਤ ਕੀਤਾ। ਉਹਨਾਂ ਨੇ ਭਵਿੱਖ ਵਿੱਚ ਇਸ ਤਰ੍ਹਾਂ ਹੋਰ ਮਿਹਨਤ ਕਰਨ ਲਈ ਉਤਸਾਹਿਤ ਕੀਤਾ। ਇਸ ਮੌਕੇ ਤੇ ਵਿਸਾਖਾ ਸਿੰਘ, ਬਲਵਿੰਦਰ ਸਿੰਘ ਤੇ ਅਮਿਤ ਕੁਮਾਰ ਉਚੇਚੇ ਤੌਰ ਤੇ ਹਾਜ਼ਰ ਹੋਏ ਸਨ।

ਇਸ ਮੌਕੇ ਤੇ ਸੰਸਥਾ ਦੇ ਪ੍ਰਿੰਸੀਪਲ ਪਰਮਬੀਰ ਸਿੰਘ ਮੱਤੇਵਾਲ ਜੀ ਨੇ ਚੇਅਰਮੈਨ ਕਰਮਜੀਤ ਸਿੰਘ ਰਿੰਟੂ ਦਾ ਧੰਨਵਾਦ ਕੀਤਾ ਅਤੇ ਪ੍ਰਿੰਸੀਪਲ ਨੇ ਆਪਣੇ ਭਾਸ਼ਣ ਵਿੱਚ ਬੋਲਦਿਆਂ ਹੋਇਆ ਸੰਸਥਾ ਬਾਰੇ ਦੱਸਿਆ ਕਿ ਸੰਸਥਾ ਦੀ 100 ਪ੍ਰਤੀਸ਼ਤ ਅਡਮੀਸ਼ਨ, 100 ਪ੍ਰਤੀਸ਼ਤ ਪਲੇਸਮੈਂਟ, ਬਹੁਤ ਵਧੀਆ ਸਾਜੋ ਸਮਾਨ, ਬਹੁਤ ਵਧੀਆ ਕਾਰਗੁਜ਼ਾਰੀ ਅਤੇ ਸਮੂਹ ਸਟਾਫ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ। ਪ੍ਰਿੰਸੀਪਲ ਨੇ ਚੇਅਰਮੈਨ ਸਾਹਿਬ ਨੂੰ ਇਸ ਸੰਸਥਾ ਵਿੱਚ ਚੱਲ ਰਹੇ ਕੋਰਸਾਂ ਬਾਰੇ ਵੀ ਜਾਣੂ ਕਰਵਾਉਂਦਿਆਂ ਕਿਹਾ ਕਿ ਕਾਲਜ ਵਿੱਚ ਆਰਕੀਟੈਕਚਰ ਅਸਿਸਟੈਂਟਸ਼ਿਪ, ਇਲੈਕਟ੍ਰਾਨਿਕਸ ਕਮਿਊਨੀਕੇਸ਼ਨ ਅਤੇ ਇੰਜ:,ਕੰਪਿਊਟਰ ਸਾਇੰਸ ਅਤੇ ਇੰਜ: , ਮੈਡੀਕਲ ਲੈਬ ਟੈਕਨਾਲੋਜੀ,ਮਾਡਰਨ ਆਫਿਸ ਪ੍ਰੈਕਟਿਸ ਸਬੰਧੀ ਬੱਚਿਆਂ ਨੂੰ ਸਿੱਖਿਅਤ ਕੀਤਾ ਜਾ ਰਿਹਾ ਹੈ।

ਇਸ ਮੌਕੇ ਸਮੂਹ ਮੁੱਖੀ ਵਿਭਾਗ ਜਸਵਿੰਦਰ ਪਾਲ ਸੰਧੂ, ਸੰਦੀਪ ਕੌਰ, ਜਸਮਿੰਦਰ ਜੀਤ ਸਿੰਘ, ਯਸ਼ਪਾਲ ਪਠਾਣੀਆ, ਰਾਮ ਸਰੂਪ, ਰਵੀ ਕੁਮਾਰ, ਸ਼ੁਭਪ੍ਰੀਤ ਕੌਰ, ਸੁਮਨਪ੍ਰੀਤ ਕੌਰ ਸਨੀ ਮਹਿਤਾ, ਗੁਰਪਿੰਦਰ ਗਿੱਲ, ਸ਼ੀਤਲ ਮੈਡਮ, ਰਮਨਦੀਪ ਕੌਰ, ਰੇਨੁਕਾ ਡੋਗਰਾ, ਅਮਨਪ੍ਰੀਤ ਸਿੰਘ, ਸੰਜੀਵ ਕੁਮਾਰ, ਦਵਿੰਦਰ ਸਿੰਘ, ਬਲਜਿੰਦਰ ਸਿੰਘ, ਰਾਜ ਕੁਮਾਰ, ਅਮੋਲਕ ਸਿੰਘ, ਸਮੂਹ ਸਟਾਫ ਅਤੇ ਸਮੂਹ ਵਿਦਿਆਰਥਣਾਂ ਹਾਜ਼ਰ ਸਨ।

# ਸਿਹਤ ਵਿਭਾਗ ਵਲੋਂ ਅੱਤ ਦੀ ਗਰਮੀ ਅਤੇ ਲੂ ਤੋਂ ਬਚਣ ਲਈ ਐਡਵਾਈਜਰੀ ਜਾਰੀ



ਅੰਮ੍ਰਿਤਸਰ (ਲੋਕ ਬਾਣੀ)- ਅੱਤ ਦੀ ਗਰਮੀ ਅਤੇ ਲੂ ਤੋਂ ਬਚਣ ਲਈ ਸਿਹਤ ਸੰਭਾਲ ਜਰੂਰੀ ਹੈ। ਇਹ ਸ਼ਬਦ ਸਿਵਲ ਸਰਜਨ ਅੰਮ੍ਰਿਤਸਰ ਡਾ.ਕਿਰਨਦੀਪ ਕੌਰ ਨੇ ਵੱਧ ਰਹੀ ਗਰਮੀ ਦੇ ਸੰਬੰਧ ਵਿੱਚ ਲੋਕਾਂ ਨੂੰ ਜਾਗਰੂਕ ਕਰਦਿਆਂ ਕਹੇ। ਉਨ੍ਹਾਂ ਦੱਸਿਆ ਕਿ ਗਰਮੀ ਦੀ ਤੇਜ ਲਹਿਰ ਦੇ ਚੱਲਦਿਆਂ ਲੋਕਾਂ ਨੂੰ ਸਾਵਧਾਨ ਰਹਿਣ ਦੀ ਜਰੂਰਤ ਹੈ। ਗਰਮੀ ਅਤੇ ਲੂ ਤੋਂ ਪ੍ਰਭਾਵਿਤ ਹੋਣ ਨਾਲ ਡੀ ਹਾਈਡ੍ਰੇਸ਼ਨ, ਹੀਟ ਸਟ੍ਰੋਕ, ਬੁਖਾਰ, ਸਿਰਦਰਦ, ਉਲਟੀ, ਡਾਈਰੀਆ ਅਤੇ ਹੋਰ ਬਹੁਤ ਸਾਰੀਆਂ ਸਮੱਸਿਆਵਾਂ ਹੋ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਖਾਸ ਕਰਕੇ ਬਜੁਰਗਾਂ, ਬੱਚਿਆਂ ਅਤੇ ਪਹਿਲਾਂ ਤੋਂ ਹੀ ਕਿਸੀ ਬੀਮਾਰੀ ਨਾਲ ਪੀੜਤ ਲੋਕਾਂ ਨੂੰ ਇਸ ਮੌਸਮ ਵਿੱਚ ਵਿਸ਼ੇਸ਼ ਧਿਆਨ ਰੱਖਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਮੌਸਮ ਵਿੱਚ ਥਕਾਵਟ, ਬੁਖਾਰ, ਉਲਟੀਆਂ, ਦਿਲ ਦੀ ਧੜਕਣ ਤੇਜ ਹੋਣ ਆਦਿ ਦੇ ਲੱਛਣ ਪ੍ਰਗਟ ਹੋ ਸਕਦੇ ਹਨ। ਅਜਿਹੇ ਹਾਲਾਤਾਂ ਵਿਚ ਲੋਕ ਸੈਲਫ ਮੈਡੀਕੇਸ਼ਨ ਤੋਂ ਬਚਣ ਅਤੇ ਕਿਸੇ ਵੀ ਤਰ੍ਹਾਂ ਦੇ ਲੱਛਣ ਪ੍ਰਗਟ ਹੋਣ ਤੇ ਨੇੜੇ ਦੇ ਸਰਕਾਰੀ ਸਿਹਤ ਕੇਂਦਰਾਂ ਦੇ ਮਾਹਰ ਡਾਕਟਰਾਂ ਨਾਲ ਸੰਪਰਕ ਕਰਨ। ਉਹਨਾਂ ਲੋਕਾਂ ਨੂ ਅਪੀਲ ਕੀਤੀ ਕਿ ਲੂ ਅਤੇ ਗਰਮੀ ਤੋਂ ਬਚਣ ਲਈ ਤਰਲ ਪਦਾਰਥ ਜਿਵੇਂ ਨੀਂਬੂ ਪਾਣੀ, ਲੱਸੀ, ਨਾਰੀਅਲ ਪਾਣੀ ਅਤੇ ਓ.ਆਰ.ਐਸ ਦਾ ਘੋਲ ਆਦਿ ਦਾ ਵੱਧ ਤੋਂ ਵੱਧ ਇਸਤੇਮਾਲ ਕੀਤਾ ਜਾਵੇ, ਬਾਹਰ ਜਾਣ ਤੋਂ ਪਹਿਲਾਂ ਸ਼ਰੀਰ ਨੂੰ ਪੂਰੀ ਤਰ੍ਹਾਂ ਢੱਕਿਆ ਜਾਵੇ, ਸੂਤੀ ਅਤੇ ਹਲਕੇ ਰੰਗਾਂ ਦੇ ਕਪੜੇ ਪਹਿਨੇ ਜਾਣ, ਸੰਤੁਲਤ ਤੇ ਘਰ ਦਾ ਬਣਿਆ ਭੋਜਨ ਖਾਧਾ ਜਾਵੇ, ਧੁੱਪ ਵਿੱਚ ਬਾਹਰ ਜਾਣ ਤੋਂ ਗੁਰੇਜ ਕੀਤਾ ਜਾਵੇ, ਆਸ ਪਾਸ ਦੀ ਸਾਫ ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ। ਇਸ ਅਵਸਰ ਤੇ ਜਿਲਾ□ ਐਪੀਡਿਮੋਲੋਜਿਸਟ ਡਾ.ਹਰਜੋਤ ਕੌਰ, ਜਿਲਾ□ ਐਮ.ਈ.ਆਈ.ਓ. ਅਮਰਦੀਪ ਸਿੰਘ ਅਤੇ ਸਮੂਹ ਸਟਾਫ ਹਾਜਰ ਸਨ।

# ਸੋਮ ਦੱਤ ਡੀ ਏ ਵੀ ਕਾਲਜ ਅੰਮ੍ਰਿਤਸਰ ਦੇ ਨਾਨ-ਟੀਚਿੰਗ ਸਟਾਫ਼ ਦੇ ਸਰਬਸੰਮਤੀ ਪ੍ਰਧਾਨ ਨਿਯੁਕਤ




ਅੰਮ੍ਰਿਤਸਰ (ਲੋਕ ਬਾਣੀ)) ਡੀਏਵੀ ਕਾਲਜ ਅੰਮ੍ਰਿਤਸਰ ਦੀਆਂ ਨਾਨ-ਟੀਚਿੰਗ ਚੋਣਾਂ ਕਰਵਾਈਆਂ ਗਈਆਂ। ਚੋਣਾਂ ਚੋਣ ਨਿਗਰਾਨ ਅਰਵਿੰਦ ਮਹੇਂਦਰੂ, ਸਵਰੂਪ ਲਾਲ, ਸੰਜੀਵ ਕੁਮਾਰ ਅਤੇ ਅਨੀਮੇਸ਼ ਕੁਮਾਰ ਦੀ ਨਿਗਰਾਨੀ ਹੇਠ ਕਰਵਾਈਆਂ ਗਈਆਂ। ਇਸ ਦੌਰਾਨ ਸੋਮ ਦੱਤ ਨੂੰ ਸਰਬਸੰਮਤੀ ਨਾਲ ਪ੍ਰਧਾਨ, ਵਿਪਿਨ ਕੁਮਾਰ ਨੂੰ ਉਪ ਪ੍ਰਧਾਨ, ਰਾਜੀਵ ਸ਼ਰਮਾ ਨੂੰ ਸਕੱਤਰ, ਰਾਜੇਸ਼ ਕੁੰਡੇਲ ਨੂੰ ਕੈਸ਼ੀਅਰ, ਪੰਕਜ ਜਾਮਵਾਲ ਨੂੰ ਸੰਯੁਕਤ ਸਕੱਤਰ ਅਤੇ ਸੰਜੇ ਕੁਮਾਰ ਨੂੰ ਪ੍ਰਚਾਰ ਸਕੱਤਰ ਚੁਣਿਆ ਗਿਆ। ਇਸ ਦੌਰਾਨ ਰਾਜੀਵ ਖਜੂਰੀਆ ਨੂੰ ਸਰਬਸੰਮਤੀ ਨਾਲ ਕਾਲਜ ਦਾ ਸਟਾਫ਼ ਸਕੱਤਰ ਚੁਣਿਆ ਗਿਆ। ਕਾਲਜ ਪ੍ਰਿੰਸੀਪਲ ਡਾ.ਅਮਰਦੀਪ ਗੁਪਤਾ ਨੇ ਚੁਣੇ ਹੋਏ ਨੁਮਾਇੰਦਿਆਂ ਦਾ ਸਨਮਾਨ ਕੀਤਾ। ਇਸ ਦੌਰਾਨ ਪ੍ਰਿੰਸੀਪਲ ਸੋਮਦੱਤ ਅਤੇ ਸਕੱਤਰ ਰਾਜੀਵ ਸ਼ਰਮਾ ਨੇ ਸਟਾਫ਼ ਨੂੰ ਭਰੋਸਾ ਦਿੱਤਾ ਕਿ ਸਾਰੇ ਗੈਰ-ਅਧਿਆਪਨ ਕੰਮ ਪਹਿਲ ਦੇ ਆਧਾਰ ਤੇ ਕੀਤੇ ਜਾਣਗੇ। ਇਸ ਮੌਕੇ ਪੰਜਾਬ ਨਾਨ-ਟੀਚਿੰਗ ਯੂਨੀਅਨ ਦੇ ਉਪ ਪ੍ਰਧਾਨ ਦੀਪਕ ਸ਼ਰਮਾ ਅਤੇ ਕਾਨੂੰਨੀ ਸਲਾਹਕਾਰ ਸੁਨੀਲ ਕੁਮਾਰ,ਰਾਜਕੁਮਾਰ, ਰਕੇਸ਼ ਕੁਮਾਰ,ਰਜੇਸ਼ ਕੁਮਾਰ, ਕਰਨੈਲ ਸਿੰਘ,ਬੀਰਬਲ ਸਿੰਘ,ਰਸ਼ਪਾਲ ਸਿੰਘ ਅਤੇ ਕਾਲਜ ਦੇ ਨਾਨ-ਟੀਚਿੰਗ ਸਟਾਫ਼ ਦਾ ਸਮੂਹ ਮੌਜੂਦ ਸੀ।

# ਮੇਜਰ ਅਮਿਤ ਸਰੀਨ ਨੇ ਲੋਕਾਂ ਨੂੰ ਯੋਗਾ ਕਰਨ ਲਈ ਕੀਤਾ ਪ੍ਰੇਰਿਤ

ਅੰਮ੍ਰਿਤਸਰ (ਲੋਕ ਬਾਣੀ)- ਸਿਹਤਮੰਦ ਪੰਜਾਬ ਦੇ ਸੁਪਨੇ ਨੂੰ ਲੈ ਕੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਸੀ ਐਮ ਦੀ ਯੋਗਸ਼ਾਲਾ ਨੂੰ ਅੱਜ ਪੂਰੇ ਦੋ ਸਾਲ ਮੁਕੰਮਲ ਹੋ ਗਏ ਹਨ ਅਤੇ ਇਨ੍ਹਾਂ ਦੋ ਸਾਲਾਂ ਵਿਚ ਵੱਡੀ ਗਿਣਤੀ ਵਿਚ ਲੋਕਾਂ ਨੇ ਯੋਗਾ ਕਲਾਸਾਂ ਵਿਚ ਭਾਗ ਲੈ ਕੇ ਸਿਹਤਮੰਦ ਜੀਵਨ ਸੈ□ਲੀ ਨੂੰ ਅਪਨਾਇਆ ਹੈ। ਦੋ ਸਾਲ ਪੂਰੇ ਹੋਣ ਤੇ ਅੱਜ ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਮੇਜਰ ਅਮਿਤ ਸਰੀਨ ਨੇ ਸ਼ਿਵਾ ਜੀ ਪਾਰਕ ਰਾਣੀ ਕਾ ਬਾਗ ਵਿਖੇ ਚੱਲ ਰਹੀ ਯੋਗ ਕਲਾਸ ਵਿਚ ਭਾਗ ਲਿਆ ਅਤੇ ਸ਼ਹਿਰਵਾਸੀਆਂ ਨੂੰ ਅਪੀਲ ਕੀਤੀ ਕਿ ਸੀ ਐਮ ਯੋਗਸ਼ਾਲਾ ਦਾ ਲਾਹਾ ਲੈਣ ਅਤੇ ਆਪਣੇ ਤਨ-ਮਨ ਨੂੰ ਨਿਰੋਗ ਕਰਨ।

ਉਨਾਂ ਦੱਸਿਆ ਕਿ ਸੀ.ਐਮ ਯੋਗਸ਼ਾਲਾ ਤਹਿਤ ਜ਼ਿਲ੍ਹੇ ਵਿੱਚ 140 ਯੋਗਾ ਕਲਾਸਾਂ ਚੱਲ ਰਹੀਆ ਹਨ ਅਤੇ 25 ਯੋਗ ਟ੍ਰੇਨਰ ਨਿਯੁਕਤ ਕੀਤੇ ਗਏ ਹਨ। ਇਹ ਯੋਗਾ ਕਲਾਸਾਂ ਬਿਲਕੁਲ ਮੁਫ਼ਤ ਹਨ ਅਤੇ ਵੱਡੀ ਗਿਣਤੀ ਵਿੱਚ ਲੋਕ ਇਨ੍ਹਾਂ ਕਲਾਸਾਂ ਦਾ ਲਾਭ ਉਠਾ ਰਹੇ ਹਨ। ਇਨ੍ਹਾਂ ਕਲਾਸਾਂ ਵਿੱਚੋ 80 ਕਲਾਸਾਂ ਸ਼ਹਿਰੀ ਖੇਤਰ ਅਤੇ 60 ਕਲਾਸਾਂ ਦਿਹਾਤੀ ਖੇਤਰ ਵਿੱਚ ਚੱਲ ਰਹੀਆਂ ਹਨ ਜਿਥੇ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋ ਕੇ ਆਪਣੇ ਆਪ ਨੂੰ ਨਿਰੋਗ ਬਣਾ ਰਹੇ ਹਨ।

ਮੇਜਰ ਅਮਿਤ ਸਰੀਨ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲਗਾਈਆਂ ਜਾ ਰਹੀਆਂ ਇਹ ਯੋਗਾ ਕਲਾਸਾਂ ਬਿਲਕੁਲ ਮੁਫ਼ਤ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਯੋਗਾ ਕਲਾਸਾਂ ਦਾ ਫਾਇਦਾ ਹਰ ਵਿਅਕਤੀ ਉਠਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਜ਼ਿਲ੍ਹੇ ਦੇ ਹੋਰ ਵਸਨੀਕ ਵੀ ਆਪਣੇ ਖੇਤਰ ਵਿੱਚ ਯੋਗਾ ਦੀਆਂ ਕਲਾਸਾਂ ਸ਼ੁਰੂ ਕਰਵਾਉਣਾ ਚਾਹੁੰਦੇ ਹਨ ਤਾਂ ਉਹ 76694-00500 ਨੰਬਰ 'ਤੇ ਕਾਲ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਕਿਸੇ ਮੁਹੱਲੇ ਵਿੱਚ ਯੋਗਾ ਕਲਾਸ ਸ਼ੁਰੂ ਕਰਵਾਉਣ ਲਈ ਘੱਟੋ-ਘੱਟ 25 ਵਿਅਕਤੀ ਯੋਗਾ ਕਰਨ ਦੇ ਚਾਹਵਾਨ ਹੋਣੇ ਜਰੂਰੀ ਹਨ ਉਸ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਓਥੇ ਮੁਫ਼ਤ ਯੋਗਾ ਕਲਾਸਾਂ ਲਈ ਮਾਹਿਰ ਯੋਗ ਟੀਚਰ ਦਾ ਪ੍ਰਬੰਧ ਕਰਕੇ ਦਿੱਤਾ ਜਾਵੇਗਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਤੰਦਰੁਸਤ ਤੇ ਨਿਰੋਗ ਜੀਵਨ ਲਈ ਯੋਗਾ ਨਾਲ ਜੁੜਨ ਅਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਮੁਫ਼ਤ ਯੋਗਾ ਕਲਾਸਾਂ ਦਾ ਲਾਭ ਉਠਾਉਣ।



ਯੋਗਾ ਕਲਾਸਾਂ ਦੇ ਸੁਪਰਵਾਇਜ਼ਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਕੰਪਨੀ ਬਾਗ, ਅੰਮ੍ਰਿਤਸਰ ਕਲੱਬ, ਗੁਰੂ ਅਮਰਦਾਸ ਐਵੀਨਿਊ, ਫ੍ਰੈਂਡਜ ਐਵੀਨਿਊ, ਜੁਝਾਰ ਐਵੀਨਿਊ,ਕ੍ਰਿਸ਼ਨਾ ਨਗਰ, ਨਿਊ ਤਹਿਸੀਲਪੁਰਾ, ਤ੍ਰਿਕੋਨੀ ਪਾਰਕ ਗੋਲਡਨ ਐਵੀਨਿਊ, ਗੋਲਡਨ ਐਵੀਨਿਊ, ਹੋਲੀ ਸਿਟੀ ਕੋਟ ਖਾਲਸਾ, ਸੁੰਦਰ ਨਗਰ ਕੋਟ ਖਾਲਸਾ, ਗੁਰੂ ਰਾਮ ਦਾਸ ਨਗਰ ਕੋਟ ਖਾਲਸਾ, ਇੰਦਰਾ ਕਲੋਨੀ ਕੋਟ ਖਾਲਸਾ, ਅਵਤਾਰ ਐਵੀਨਿਊ ਕੋਟ ਖਾਲਸਾ, ਨੈਸ਼ਨਲ ਸਿਟੀ, ਬੀ ਬਲਾਕ ਨਿਊ ਅੰਮ੍ਰਿਤਸਰ, ਭਾਈ ਮੰਜ ਰੋਡ, ਮਾਂ ਦੁਰਗਾ ਮੰਦਿਰ ਕੋਟ ਖਾਲਸਾ, ਪ੍ਰੀਤਮ ਸਿਟੀ ਕੋਟ ਖਾਲਸਾ, ਗੰਗਾ ਇਨਕਲੇਵ ਕੋਟ ਖਾਲਸਾ, ਖੰਡਵਾਲਾ, ਸ਼ੇਰ ਸ਼ਾਹ ਸੂਰੀ ਰੋਡ, ਸ਼ਿਵਾਜੀ ਪਾਰਕ ਰਾਣੀ ਕਾ ਬਾਗ, ਗਣੇਸ਼ ਮੰਦਿਰ ਰਾਣੀ ਕਾ ਬਾਗ, ਮੋਹਣੀ ਪਾਰਕ, ਗੁਰੂ ਹਰਕ੍ਰਿਸ਼ਨ ਨਗਰ ਕੋਟ ਖਾਲਸਾ, ਮਾਨ ਕੋਟੇਜ਼ ਖਾਲਸਾ ਕਾਲਜ, ਬਾਬਾ ਦੀਪ ਸਿੰਘ ਪਾਰਕ ਰਣਜੀਤ ਐਵੀਨਿਊ, ਦਸ਼ਮੇਸ਼ ਪਾਰਕ ਰਣਜੀਤ ਐਵੀਨਿਊ, ਨਵੀਂ ਆਬਾਦੀ ਤਹਿਸੀਲਪੁਰਾ, ਬਾਂਕੇ ਬਿਹਾਰੀ ਮੰਦਿਰ ਸ਼ਰੀਫਪੁਰਾ, ਮਜੀਠਾ ਹਾਊਸ ਕਲੋਨੀ, ਸੀ.ਪੀ. ਪਾਰਕ ਕੈਂਟ ਰੋਡ, ਮਹਿੰਗਾ ਸਿੰਘ ਪਾਰਕ ਪੁਤਲੀਘਰ, ਖਾਟੂਸ਼ਾਮ ਮੰਦਿਰ ਪਵਨ ਨਗਰ, ਡਾਇਮੰਡ ਐਵੀਨਿਊ ਮਜੀਠਾ ਰੋਡ, ਬੋਹੜ ਵਾਲਾ ਸ਼ਿਵਾਲਾ ਬਟਾਲਾ ਰੋਡ, ਮਧੂਬਨ ਇਨਕਲੇਵ ਰਾਮਤੀਰਥ ਰੋਡ, ਕਬੀਰ ਮੰਦਿਰ ਪ੍ਰੀਤ ਨਗਰ, ਰਾਧੇ ਸ਼ਾਮ ਮੰਦਿਰ ਭਾਰਤ ਨਗਰ, ਸੈਵਨ ਏਕੜ ਪਾਰਕ ਨਿਊ ਅੰਮ੍ਰਿਤਸਰ, ਪ੍ਰਤਾਪ ਐਵੀਨਿਊ ਅਲਫਾ ਵਨ, ਗੁਲਮੋਹਰ ਪਾਰਕ ਨਿਊ ਅੰਮ੍ਰਿਤਸਰ, ਸਵਾਮੀ ਦਯਾਨੰਦ ਪਾਰਕ ਰਣਜੀਤ ਐਵੀਨਿਊ, ਅਨਮੋਲ ਇਨਕਲੇਵ ਰਾਮਤੀਰਥ ਰੋਡ, ਗੁਰੂ ਅਮਰਦਾਸ ਐਵੀਨਿਊ ਏਅਰਪੋਰਟ ਰੋਡ, ਸ਼ਿਵਧਾਮ ਮੰਦਿਰ ਜਨਤਾ ਕਲੋਨੀ, ਗੁਰੂ ਰਾਮਦਾਸ ਪਾਰਕ ਰਣਜੀਤ ਐਵੀਨਿਊ, ਵਾਲੀਮੀਕਿ ਚੌਂਕ ਜੰਡਿਆਲਾ ਗੁਰੂ, ਸ਼ਿਵਾਲਾ ਮੰਦਿਰ ਵੇਰਕਾ, ਮਹਾਜਨ ਹਾਲ ਤਹਿਸੀਲਪੁਰਾ, ਗਲੀ ਸੇਖਾਂ ਵਾਲੀ ਮਜੀਠਾ, ਪਰਵੀਨ ਨਗਰ ਅਜਨਾਲਾ, ਟਹਿਲ ਸਿੰਘ ਵਾਲੀ ਗਲੀ ਅਟਾਰੀ, ਗਰੀਨ ਵੁੱਡ ਗਰਾਉਂਡ ਤੀਰਥ ਨਗਰ ਵੇਰਕਾ, ਮਾਤਾ ਰਾਣੀ ਮੰਦਿਰ ਅਜਨਾਲਾ, ਨੰਬਰਦਾਰ ਪਾਰਕ ਜੰਡਿਆਲਾ ਗੁਰੂ, ਵਾਰਡ ਨੰ: 8 ਰਾਜਾਸਾਂਸੀ, ਨਿਊ ਸਰਾਂ ਚੋਗਾਵਾਂ ਰੋਡ ਅਜਨਾਲਾ, ਮਾਤਾ ਚਿੰਤਪੂਰਨੀ ਮੰਦਿਰ ਅਜਨਾਲਾ ਗਲੀ ਕੱਲੂ ਲੁਹਾਰ ਵਾਲੀ ਮਜੀਠਾ, ਅਟਾਰੀ ਸਮਾਧਾਂ ਅਟਾਰੀ, ਵਾਰਡ ਨੰਬਰ 13 ਰਾਜਾਸਾਂਸੀ, ਸ੍ਰੀ ਲਕਸ਼ਮੀ ਨਰਾਇਣ ਮੰਦਿਰ ਰਾਜਾਸਾਂਸੀ, ਵਾਰਡ ਨੰ: 2 ਰਾਜਾਸਾਂਸੀ, ਨਜਦੀਕ ਆਮ ਆਦਮੀ ਕਲੀਨਿਕ ਰਾਜਾਸਾਂਸੀ, ਗੁਰਦੁਆਰਾ ਦਮਦਮਾ ਸਾਹਿਬ ਰਾਜਾਸਾਂਸੀ, ਮਲੀਆਨਾ ਕਲੋਨੀ ਜੰਡਿਆਲਾ ਗੁਰੂ, ਗਲੀ ਮੀਰਾਂ ਸ਼ਾਵ ਵਾਲੀ, ਮਜੀਠਾ, ਸੁਪਰ ਮਾਰਕੀਟ ਅਜਨਾਲਾ, ਗਲੀ ਪ੍ਰਕਾਸ਼ ਸਿੰਘ ਵਾਲੀ ਮਜੀਠਾ, ਬਾਬਾ ਆਲਮ ਸਿੰਘ ਗੁਰਦੁਆਰਾ ਜੰਡਿਆਲਾ ਗੁਰੂ, ਸ਼ਿਵ ਮੰਦਿਰ ਅਜਨਾਲਾ, ਵਾਰਡ ਨੰ: 10 ਮਜੀਠਾ, ਬਾਬਾ ਲਾਲ ਮੰਦਿਰ ਸਿੰਘ ਸਭਾ ਰਾਜਾਸਾਂਸੀ, ਕੁਲਦੀਪ ਕਲੋਨੀ ਅਟਾਰੀ ਆਦਿ ਥਾਵਾਂ 'ਤੇ ਰੋਜ਼ਾਨਾ ਸਵੇਰੇ-ਸ਼ਾਮ ਮੁਫਤ ਯੋਗ ਕਲਾਸਾਂ ਚੱਲ ਰਹੀਆਂ ਹਨ।

# ਨਸ਼ਾ ਤਸਕਰਾਂ ਵਲੋਂ ਮਕਬੂਲਪੁਰਾ ਵਿੱਚ ਕੀਤੀ ਨਜ਼ਾਇਜ਼ ਉਸਾਰੀ 'ਤੇ ਚੱਲੀ ਡਿਚ ਮਸ਼ੀਨ



ਅੰਮ੍ਰਿਤਸਰ,(ਲੋਕ ਬਾਣੀ)- ਪ੍ਰਸ਼ਾਸ਼ਨ ਵਲੋਂ ਮਕਬੂਲਪੁਰਾ ਇਲਾਕੇ ਵਿੱਚ ਵੱਡੀ ਕਾਰਵਾਈ ਕਰਦਿਆਂ ਨਸ਼ਾ ਤਸਕਰ ਗੁਰਮੀਤ ਸਿੰਘ ਵੱਲੋਂ ਕੀਤੀ ਨਜ਼ਾਇਜ਼ ਉਸਾਰੀ ਨੂੰ ਢਾਹ ਦਿੱਤਾ ਗਿਆ। ਉਕਤ ਨਸ਼ਾ ਤਸਕਰ ਵਿਰੁੱਧ ਵੱਖ-ਵੱਖ ਥਾਣਿਆਂ ਵਿਚ ਐਨ.ਡੀ.ਪੀ.ਐਸ. ਦੇ 3 ਕੇਸ ਦਰਜ ਹਨ।

ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਉਕਤ ਗੁਰਮੀਤ ਸਿੰਘ ਲਗਾਤਾਰ ਨਸ਼ੇ ਦੀ ਤਸਕਰੀ ਵਿੱਚ ਲੱਗਾ ਹੋਇਆ ਹੈ ਅਤੇ ਇੱਕ ਤੋਂ ਬਾਅਦ ਇੱਕ ਇਸ ਉੱਤੇ ਤਿੰਨ ਪਰਚੇ ਦਰਜ ਹੋ ਚੁੱਕੇ ਹਨ।

ਉਨਾਂ ਨੇ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜੰਗੀ ਪੱਧਰ 'ਤੇ ਕਾਰਵਾਈ ਜਾਰੀ ਹੈ, ਜਿਸ ਤਹਿਤ ਪ੍ਰੀਵੈਨਸ਼ਨ, ਇਨਫੋਰਸਮੈਂਟ ਤੇ ਰੀਹੈਬਲੀਟੇਸ਼ਨ ਦੀ ਤਿੰਨ ਪਰਤੀ ਨੀਤੀ ਉੱਪਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜਿਲ੍ਹੇ ਵਿਚ ਨਸ਼ੇ ਦੇ 'ਹਾਟ ਸਪਾਟ' ਖੇਤਰਾਂ ਦੀ ਤਸਦੀਕ ਕਰਕੇ ਜਿੱਥੇ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕੀਤੀ ਜਾ ਰਹੀ ਹੈ, ਉੱਥੇ ਹੀ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਦੇ ਨਾਲ-ਨਾਲ ਨਸ਼ਾ ਛੱਡ ਚੁੱਕੇ ਨੌਜਵਾਨਾਂ ਨੂੰ ਸਵੈ ਰਜ਼ਗਾਰ ਦੇ ਕਾਬਿਲ ਬਣਾਉਣ ਲਈ ਕਿੱਤਾਮੁਖੀ ਸਿਖਲਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨਾਂ ਦੱਸਿਆ ਕਿ ਮਾਰਚ ਮਹੀਨੇ ਦੌਰਾਨ ਹੀ ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਵਲੋਂ ਐ.ਡੀ.ਪੀ.ਐਸ. ਐਕਟ ਤਹਿਤ 125 ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ ਜਦਕਿ 237 ਡਰਗ ਸਮੱਗਲਰ ਅਤੇ ਪੈਡਲਰਾਂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਉਨਾਂ ਦੱਸਿਆ ਕਿ ਮਾਰਚ ਮਹੀਨੇ ਦੌਰਾਨ ਹੀ ਪੁਲਿਸ ਨੇ 36.36 ਕਿਲੋਗ੍ਰਾਮ ਹੈਰੋਇਨ, 2.179 ਕਿਲੋ ਅਫੀਮ, 10.50 ਲੱਖ ਰੁਪਏ ਡਰਗ ਮਨੀ ਅਤੇ 18 ਵਾਹਨ ਜ਼ਬਤ ਕੀਤੇ ਗਏ ਹਨ, ਜਿਨਾਂ ਵਿਚੋਂ 5 ਫੋਰਵ੍ਹੀਲਰ, 13 ਟੂ ਵਹੀਲਰ ਹਨ।

ਉਨ੍ਹਾਂ ਲੋਕਾਂ ਨੂੰ ਨਸ਼ੇ ਵਿਰੁੱਧ ਲੜਾਈ ਵਿਚ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਦੇਣ ਲਈ ਅੱਗੇ ਆਉਣ ਤੇ ਉਨ੍ਹਾਂ ਦੀ ਪਹਿਚਾਣ ਗੁਪਤ ਰੱਖਦਿਆਂ ਤਸਕਰਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਡੀ.ਸੀ.ਪੀ. ਲਾਅ ਐਂਡ ਆਰਡਰ ਵਿਜੈ ਆਲਮ ਸਿੰਘ ਅਤੇ ਐਸ ਪੀ ਹਰਪਾਲ ਸਿੰਘ ਹਾਜ਼ਰ ਸਨ।

# ਪੰਜਾਬ ਚ ਭਾਰੀ ਮਾਤਰਾ ਚ ਸ਼ਰਾਬ ਬਰਾਮਦ; ਲਗਭਗ 1300 ਪੇਟੀਆਂ ਜ਼ਬਤ*



ਲੁਧਿਆਣਾ( ਸੁਖਚੈਨ ਮਹਿਰਾ)ਮੁਲਜ਼ਮਾਂ ਖ਼ਿਲਾਫ਼ ਐਫ.ਆਈ.ਆਰ. ਦਰਜ਼*

ਉੱਚ ਅਧਿਕਾਰੀਆਂ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ, ਵਿੱਤੀ ਸਾਲ ਦੇ ਅੰਤ ਤੋਂ ਪਹਿਲਾਂ ਰਾਜ ਅਤੇ ਜ਼ਿਲ੍ਹੇ ਦੀਆਂ ਹੱਦਾਂ ਵਿੱਚ ਸ਼ਰਾਬ ਦੀ ਗੈਰ-ਕਾਨੂੰਨੀ ਆਵਾਜਾਈ ਨੂੰ ਰੋਕਣ ਲਈ 23 ਮਾਰਚ, 2025 ਤੋਂ ਜ਼ਿਲ੍ਹੇ ਭਰ ਵਿੱਚ ਆਬਕਾਰੀ ਚੌਕੀਆਂ ਸਥਾਪਤ ਕੀਤੀਆਂ ਗਈਆਂ ਸਨ।

ਗੈਰ-ਕਾਨੂੰਨੀ ਸ਼ਰਾਬ ਦੇ ਧੰਦੇ ਤੇ ਵੱਡੀ ਕਾਰਵਾਈ ਕਰਦਿਆਂ ਲੁਧਿਆਣਾ ਪੂਰਬੀ ਰੇਂਜ ਦੇ ਅਧਿਕਾਰੀਆਂ ਨੇ ਸਹਾਇਕ ਕਮਿਸ਼ਨਰ ਆਬਕਾਰੀ ਡਾ ਸ਼ਿਵਾਨੀ ਗੁਪਤਾ ਦੀ ਅਗਵਾਈ ਹੇਠ ਇੱਕ ਸਫਲ ਆਪ੍ਰੇਸ਼ਨ ਕੀਤਾ। ਆਬਕਾਰੀ ਅਫਸਰਾਂ ਅਮਿਤ ਗੋਇਲ ਅਤੇ ਅਸ਼ੋਕ ਕੁਮਾਰ ਦੀ ਅਗਵਾਈ ਵਾਲੀ ਟੀਮ ਅਤੇ ਈ.ਆਈ. ਦੇ ਐਸ.ਐਚ. ਬ੍ਰਜੇਸ਼ ਮਲਹੋਤਰਾ, ਨਵਦੀਪ ਸਿੰਘ, ਵਿਕਰਮ ਭਾਟੀਆ ਅਤੇ ਵਿਜੇ ਕੁਮਾਰ ਨੇ ਖੰਨਾ ਪੁਲਿਸ ਨਾਲ ਕਾਰਵਾਈ ਕਰਦਿਆਂ ਵਾਹਨ ਨੰਬਰ ਪੀ.ਬੀ.07-ਏ.ਐਸ-3551 ਵਿੱਚ ਬਿਨਾਂ ਲੋੜੀਂਦੇ ਪਰਮਿਟ ਅਤੇ ਪਾਸ ਤੋਂ ਸੂਬੇ ਅੰਦਰ ਲਿਜਾਈ ਜਾ ਰਹੀ ਵੱਡੀ ਮਾਤਰਾ ਵਿੱਚ ਸ਼ਰਾਬ ਬਰਾਮਦ ਕੀਤੀ ਹੈ।

ਰਿਕਵਰੀ ਵਿੱਚ ਪੀ.ਐਮ.ਐਲ. ਮਾਰਕਾ ਗ੍ਰੀਨ ਵੋਦਕਾ ਦੇ 404 ਪੇਟੀਆਂ, ਫਸਟ ਚੁਆਇਸ/ਕਲੱਬ ਦੀਆਂ 608 ਪੇਟੀਆਂ, ਪੰਜਾਬ ਜੁਗਨੀ ਦੀਆਂ 140 ਪੇਟੀਆਂ, ਜੁਗਨੀ ਐਪਲ ਵੋਦਕਾ ਦੀਆਂ 110 ਪੇਟੀਆਂ, 300 ਬੋਤਲਾਂ ਪੀ.ਐਮ.ਐਲ. ਸ਼ਰਾਬ ਦੀਆਂ, ਬੁਡਵੀਜ਼ਰ ਮੈਗਨਮ ਬੀਅਰ ਦੀਆਂ 30 ਪੇਟੀਆਂ,

ਕੁੱਲ ਜ਼ਬਤ ਕੀਤੀ ਗਈ ਸ਼ਰਾਬ ਵਿੱਚ ਪੀ.ਐਮ. ਐਲ. ਸ਼ਰਾਬ ਦੀਆਂ 1,262 ਪੇਟੀਆਂ, 300 ਬੋਤਲਾਂ ਦੇ ਨਾਲ-ਨਾਲ 30 ਪੇਟੀਆਂ ਬੀਅਰ ਦੀਆਂ ਸ਼ਾਮਲ ਸਨ।

ਬਤ ਕੀਤੀ ਗਈ ਸ਼ਰਾਬ ਵਿੱਚ ਟ੍ਰੈਕ ਐਂਡ ਟਰੇਸ ਬਾਰਕੋਡ ਅਤੇ ਹੋਲੋਗ੍ਰਾਮ ਹਨ, ਜੋ ਇਹ ਦਰਸਾਉਂਦੇ ਹਨ ਕਿ ਇਹ ਸਿਰਫ਼ ਪੰਜਾਬ ਵਿੱਚ ਵਿਕਰੀ ਲਈ ਸੀ। ਖੁਫੀਆ ਸੂਚਨਾਵਾਂ ਤੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਲੁਧਿਆਣਾ ਪੂਰਬੀ ਰੇਂਜ ਦੇ ਅਧਿਕਾਰੀਆਂ ਦੁਆਰਾ ਪੰਜਾਬ ਦੇ ਅਧਿਕਾਰ ਖੇਤਰ ਦੇ ਅੰਦਰ ਇਹ ਕਾਰਵਾਈ ਕੀਤੀ ਗਈ ਸੀ। ਕਥਿਤ ਤੌਰ ਤੇ ਰਾਜ ਦੇ ਅੰਦਰ ਗੈਰ-ਕਾਨੂੰਨੀ ਵੰਡ ਲਈ ਨਸ਼ਾ ਲਿਜਾਇਆ ਜਾ ਰਿਹਾ ਸੀ।

ਬਤ ਕਰਨ ਤੋਂ ਬਾਅਦ, ਦੋਸ਼ੀ ਮਨੋਹਰ ਲਾਲ ਪੁੱਤਰ ਦੇਵ ਰਾਜ ਵਾਸੀ ਬੰਗਾਣਾ, ਊਨਾ (ਹਿਮਾਚਲ ਪ੍ਰਦੇਸ਼) ਦੇ ਖਿਲਾਫ ਥਾਣਾ ਸਿਟੀ-2 ਖੰਨਾ ਵਿੱਚ ਐਫ.ਆਈ.ਆਰ (ਨੰਬਰ 55, ਮਿਤੀ 1 ਅਪ੍ਰੈਲ, 2025) ਦਰਜ ਕੀਤੀ ਗਈ ਹੈ।

ਅਧਿਕਾਰੀ ਗੈਰ-ਕਾਨੂੰਨੀ ਖੇਪ ਦੇ ਸਰੋਤ ਅਤੇ ਇਹ ਕਿੱਥੇ ਪਹੁੰਚਾਈ ਜਾਣੀ ਸੀ, ਦਾ ਪਤਾ ਲਗਾਉਣ ਲਈ ਹੋਰ ਜਾਂਚ ਕਰ ਰਹੇ ਹਨ। ਇਸ ਸਬੰਧੀ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਅਧਿਕਾਰੀਆਂ ਨੇ ਭਰੋਸਾ ਦਿੱਤਾ ਹੈ ਕਿ ਗੈਰ-ਕਾਨੂੰਨੀ ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਅਰੁਨਾ ਚੌਧਰੀ ਦੇ ਯਤਨਾਂ ਨਾਲ ਗੁਰਦੁਆਰਾ ਟਾਹਲੀ ਸਾਹਿਬ ਤੋਂ ਨੌਮਣੀ ਹੈਡ ਪੁਲ ਤੱਕ ਨਵਾਂ ਰੋਡ ਬਣਾਉਣ ਨੂੰ ਮਿਲੀ ਮਨਜ਼ੂਰੀ, 15 ਲੱਖ ਦੀ ਪਹਿਲੀ ਕਿਸ਼ਤ ਵੀ ਹੋਈ ਜਾਰੀ

ਦੀਨਾਨਗਰ,( ਡਾ.ਰਮੇਸ਼ ਸਰੰਗਲ ) ਵਿਧਾਇਕਾ ਅਰੁਨਾ ਚੌਧਰੀ ਦੇ ਵਿਸ਼ੇਸ਼ ਯਤਨਾਂ ਸਦਕਾ ਧੰਨ ਧੰਨ ਬਾਬਾ ਸ਼੍ਰੀ ਚੰਦ ਮਹਾਰਾਜ ਜੀ ਦੇ ਗੁਰਦੁਆਰਾ ਟਾਹਲੀ ਸਾਹਿਬ ਤੋਂ ਲੈ ਕੇ ਧੁੱਸੀ ਰਾਹੀਂ ਨੌਮਣੀ ਹੈਡ ਪੁਲ ਨੂੰ ਜਾਂਦੇ ਮਾਰਗ ਨੂੰ ਪੱਕਾ ਰੋਡ ਬਣਾਉਣ ਦੀ ਮਨਜ਼ੂਰੀ ਮਿਲੀ ਹੈ ਅਤੇ ਇਸਦੇ ਨਿਰਮਾਣ ਲਈ 15 ਲੱਖ ਰੁਪਏ ਦੀ ਪਹਿਲੀ ਕਿਸ਼ਤ ਵੀ ਸਬੰਧਿਤ ਮਹਿਕਮੇ ਨੂੰ ਜਾਰੀ ਹੋ ਗਈ ਹੈ। ਜਾਣਕਾਰੀ ਅਨੁਸਾਰ ਸੰਗਤਾਂ ਦੀ ਸਹੂਲਤ ਲਈ ਇਹ ਵੱਖਰਾ ਮਾਰਗ ਬਣਾਉਣ ਵਾਸਤੇ ਗੁਰਦੁਆਰਾ ਟਾਹਲੀ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਪਿਛਲੇ ਦਿਨੀਂ ਵਿਧਾਇਕਾ ਅਰੁਣਾ ਚੌਧਰੀ ਨੂੰ ਕਿਹਾ ਗਿਆ ਸੀ। ਉਸ ਵੇਲੇ ਵਿਧਾਇਕਾ ਅਰੁਣਾ ਚੌਧਰੀ ਅਤੇ ਸੀਨੀਅਰ ਨੇਤਾ ਅਸ਼ੋਕ ਚੌਧਰੀ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਲਈ ਪਹੁੰਚੇ ਹੋਏ ਸਨ।



ਜਾਣਕਾਰੀ ਅਨੁਸਾਰ ਕਮੇਟੀ ਨੁਮਾਇੰਦਿਆਂ ਵੱਲੋਂ ਵਿਧਾਇਕਾ ਅਰੁਣਾ ਚੌਧਰੀ ਸਾਹਮਣੇ ਇਹ ਮੰਗ ਰੱਖਦਿਆਂ ਇਹ ਤਰਕ ਦਿੱਤਾ ਗਿਆ ਸੀ ਕਿ ਤਿਓਹਾਰਾਂ ਦੇ ਦਿਨਾਂ ਵਿੱਚ ਸੰਗਤਾਂ ਦੀ ਗਿਣਤੀ ਅਣਗਿਣਤ ਹੋਣ ਕਾਰਨ ਉਨ੍ਹਾਂ ਨੂੰ ਪਰੇਸ਼ਾਨੀਆਂ ਝੱਲਣੀਆਂ ਪੈਂਦੀਆਂ ਹਨ ਅਤੇ ਉਹ ਚਾਹੁੰਦੇ ਹਨ ਕਿ ਜੇਕਰ ਗੁਰਦੁਆਰਾ ਸਾਹਿਬ ਦੇ ਮੁੱਖ ਗੇਟ ਸਾਹਮਣੇ (ਜੋ ਪਿੰਡ ਨੌਸ਼ਹਿਰਾ ਵੱਲ ਨੂੰ ਜਾਂਦਾ ਹੈ) ਪੈਂਦੀ ਧੁੱਸੀ ਦੇ ਨਾਲ-ਨਾਲ ਪੱਕੀ ਸੜਕ ਬਣਾ ਦਿੱਤੀ ਜਾਵੇ ਤਾਂ ਸੰਗਤਾਂ ਦੇ ਆਣ ਤੇ ਜਾਣ ਲਈ ਵੱਖਰਾ ਮਾਰਗ ਬਣ ਜਾਵੇਗਾ ਅਤੇ ਉਨ੍ਹਾਂ ਲਈ ਆਵਾਜਾਈ ਹੋਰ ਸੁਖ਼ਾਲੀ ਹੋ ਜਾਵੇਗੀ।

ਵਿਧਾਇਕਾ ਅਰੁਣਾ ਚੌਧਰੀ ਵੱਲੋਂ ਸੰਗਤਾਂ ਦੀ ਸਹੂਲਤ ਲਈ ਇਸ ਮੰਗ ਨੂੰ ਪੂਰੀ ਸੰਜੀਦਗੀ ਨਾਲ ਲਿਆ ਗਿਆ ਅਤੇ ਮੈਂਬਰ ਪਾਰਲੀਮੈਂਟ ਸੁਖਜਿੰਦਰ ਸਿੰਘ ਰੰਧਾਵਾ ਨਾਲ ਗੱਲ ਕਰਕੇ ਮੈਂਬਰ ਪਾਰਲੀਮੈਂਟ ਦੇ ਫੰਡਾਂ ਵਿੱਚੋਂ ਸੜਕ ਦੀ ਮਨਜ਼ੂਰੀ ਅਤੇ 15 ਲੱਖ ਰੁਪਏ ਦੀ ਪਹਿਲੀ ਕਿਸ਼ਤ ਜਾਰੀ ਕਰਵਾ ਦਿੱਤੀ ਗਈ ਹੈ। ਜਾਣਕਾਰੀ ਅਨੁਸਾਰ ਸੜਕ 'ਤੇ ਕੁੱਲ ਲਾਗਤ 32.16 ਲੱਖ ਰੁਪਏ ਆਵੇਗੀ।

# ਅੰਤਰਜੋਤ ਗਰੁੱਪ ਆਫ਼ ਇੰਸਟੀਚਿਊਟਸ ਵਿਖੇ ਕੰਪਿਊਟਰ ਕੋਰਸ ਪੂਰਾ ਕਰਨ ਵਾਲੇ ਵਿਦਿਆਰਥੀਆਂ ਨੂੰ ਵੰਡੇ ਸਰਟੀਫਿਕੇਟ



ਫਗਵਾੜਾ ( ਸੁਸ਼ੀਲ ਸ਼ਰਮਾ ) ਅੰਤਰਜੋਤ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਸਿੰਗਲਾ ਮਾਰਕੀਟ ਫਗਵਾੜਾ ਵੱਲੋਂ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਗੁਰਜੀਤ ਪਾਲ ਵਾਲੀਆ ਦੀ ਅਗਵਾਈ ਹੇਠ ਕੰਪਿਊਟਰ ਕੋਰਸ ਪੂਰਾ ਕਰਨ ਵਾਲੇ ਵਿਦਿਆਰਥੀਆਂ ਲਈ ਸਰਟੀਫਿਕੇਟ ਵੰਡ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਸਥਾਨਕ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਦੇ ਨਾਲ ਸਿਟੀ ਕੇਬਲ ਦੇ ਡਾਇਰੈਕਟਰ ਐਸ. ਐਸ. ਬਸਰਾ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਵਿਧਾਇਕ ਧਾਲੀਵਾਲ ਨੇ ਕੋਰਸ ਪੂਰਾ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਧਾਲੀਵਾਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਦਾ ਯੁੱਗ ਤਕਨਾਲੋਜੀ ਅਤੇ ਵਿਗਿਆਨ ਦਾ ਯੁੱਗ ਹੈ। ਜ਼ਿੰਦਗੀ ਵਿੱਚ ਸਫਲਤਾ ਲਈ ਕੰਪਿਊਟਰ ਦਾ ਗਿਆਨ ਬਹੁਤ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਆਪਣੇ ਟੀਚਿਆਂ ਨੂੰ ਮਿੱਥ ਕੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਗੁਰਜੀਤ ਪਾਲ ਵਾਲੀਆ ਨੇ ਦੱਸਿਆ ਕਿ ਉਨ੍ਹਾਂ ਦਾ ਇੰਸਟੀਚਿਊਟ ਬੇਸਿਕ ਕੰਪਿਊਟਰ, ਟੈਲੀ ਅਕਾਊਂਟੈਂਸੀ, ਡੀਟੀਪੀ, ਕੋਰਲ ਡਰਾਅ, ਫੋਟੋਸ਼ਾਪ ਆਦਿ ਕੋਰਸਾਂ ਦੀ ਸਿਖਲਾਈ ਦਿੰਦਾ ਹੈ। ਅੰਤਰਜੋਤ ਗਰੁੱਪ ਦੇ ਡਾਇਰੈਕਟਰ ਅਤੇ ਵਾਰਡ ਨੰਬਰ 15 ਤੋਂ ਕੌਂਸਲਰ ਪਰਮਜੀਤ ਕੌਰ ਵਾਲੀਆ ਨੇ ਸਾਰੇ ਪਤਵੰਤਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਪ੍ਰਬੰਧਕਾਂ ਵਲੋਂ ਵਿਧਾਇਕ ਧਾਲੀਵਾਲ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਬਲਾਕ ਸੰਮਤੀ ਫਗਵਾੜਾ ਦੇ ਸਾਬਕਾ ਚੇਅਰਮੈਨ ਗੁਰਦਿਆਲ ਸਿੰਘ ਭੁੱਲਾਰਾਈ, ਬਲਾਕ ਪ੍ਰਧਾਨ ਤਰਨਜੀਤ ਸਿੰਘ ਬੰਟੀ ਵਾਲੀਆ, ਕੌਂਸਲਰ ਸੰਜੀਵ ਬੁੱਗਾ, ਗੁਰਦੀਪ ਗਰੇਵਾਲ, ਹੈਪੀ ਹੈਲਨ, ਕਰਮਜੀਤ ਬਿੱਟੂ, ਸੰਦੀਪ ਕੁਮਾਰ, ਨਵਨੀਤ ਪਾਲ ਵਾਲੀਆ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਮਦੀਨਾ ਮਸਜਿਦ ਪਿੰਡ ਲੱਖਪੁਰ ਵਿਖੇ ਉਤਸ਼ਾਹ ਨਾਲ ਮਨਾਇਆ ਈਦ-ਉਲ-ਫਿਤਰ ਦਾ ਤਿਓਹਾਰ





ਫਗਵਾੜਾ ( ਸੁਸ਼ੀਲ ਸ਼ਰਮਾ ) ਮਦੀਨਾ ਮਸਜਿਦ ਪਿੰਡ ਲੱਖਪੁਰ ਤਹਿਸੀਲ ਫਗਵਾੜਾ ਵਿਖੇ ਮੁਸਲਿਮ ਭਾਈਚਾਰੇ ਵਲੋਂ ਰਮਜਾਨ ਦੇ ਪਵਿੱਤਰ ਮਹੀਨੇ ਦੌਰਾਨ ਤੀਹ ਰੋਜੇ ਰੱਖਣ ਤੋਂ ਬਾਅਦ ਈਦ-ਉਲ-ਫਿਤਰ ਦਾ ਤਿਓਹਾਰ ਹਰ ਸਾਲ ਦੀ ਤਰ੍ਹਾਂ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦੌਰਾਨ ਮਦੀਨਾ ਮਸਜਿਦ ਦੇ ਇਮਾਮ ਕਾਰੀ ਜੀਸ਼ਾਨ ਰਜਾ ਦੀ ਅਗਵਾਈ ਹੇਠ ਸਮੂਹ ਮੁਸਲਿਮ ਭਾਈਚਾਰੇ ਨੇ ਈਦ ਦੀ ਨਮਾਜ ਅਦਾ ਕੀਤੀ। ਇਮਾਮ ਕਾਰੀ ਜੀਸ਼ਾਨ ਰਜਾ ਨੇ ਦੱਸਿਆ ਕਿ ਪੈਗੰਬਰ ਮੁਹੰਮਦ ਸਾਹਿਬ ਨੇ ਰਮਜਾਨ ਦੇ ਪਵਿੱਤਰ ਮਹੀਨੇ 'ਚ ਹਰ ਮੁਸਲਮਾਨ 'ਤੇ ਰੋਜੇ ਫਰਜ਼ ਕੀਤੇ ਹਨ। ਜਿਸ ਦਾ ਉਦੇਸ਼ ਆਪਣੇ ਅੰਦਰ ਦੀਆਂ ਬੁਰਾਈਆਂ ਨੂੰ ਸੰਜਮ ਨਾਲ ਕਾਬੂ ਵਿਚ ਰੱਖਣਾ ਅਤੇ ਲੋੜਵੰਦਾ ਦੀ ਹਮਦਰਦੀ ਲਈ ਪ੍ਰੇਰਿਤ ਕਰਨਾ ਹੈ। ਉਹਨਾਂ ਕਿਹਾ ਕਿ ਸਾਨੂੰ ਇਸ ਦਿਨ ਸਾਰੇ ਗਿਲੇ ਸ਼ਿਕਵੇ ਭੁਲਾ ਕੇ ਇਕ ਦੂਸਰੇ ਨਾਲ ਗਲੇ ਮਿਲਦਿਆਂ ਪਿਆਰ ਮੁਹੱਬਤ ਦਾ ਸੁਨੇਹਾ ਦੇਣਾ ਚਾਹੀਦਾ ਹੈ। ਉਹਨਾਂ ਦੇਸ਼ ਦੀ ਅਮਨ ਸ਼ਾਂਤੀ ਅਤੇ ਭਾਈਚਾਰਕ ਸਾਂਝ ਲਈ ਦੁਆ ਵੀ ਕੀਤੀ। ਕਮੇਟੀ ਪ੍ਰਧਾਨ ਮੁਹੰਮਦ ਰਫੀ ਨੇ ਸਮੂਹ ਰੋਜੇਦਾਰਾ ਅਤੇ ਨਮਾਜੀਆਂ ਨੂੰ ਈਦ ਦੀ ਵਧਾਈ ਦਿੰਦਿਆਂ ਮੁਸਲਿਮ ਬੱਚਿਆਂ ਨੂੰ ਚੰਗੀ ਤੇ ਮਿਆਰੀ ਸਿੱਖਿਆ ਦੁਆਉਣ ਦੀ ਅਪੀਲ ਕੀਤੀ। ਉਹਨਾਂ ਸਮੂਹ ਮੁਸਲਿਮ ਭਾਈਚਾਰੇ ਨੂੰ ਪੁਰਜੋਰ ਅਪੀਲ ਕਰਦਿਆਂ ਕਿਹਾ ਕਿ ਉਹ ਨੇਕੀ ਦੇ ਰਸਤੇ 'ਤੇ ਚੱਲਦੇ ਹੋਏ ਦੇਸ਼ ਅਤੇ ਸਮਾਜ ਦੀ ਏਕਤਾ ਤੇ ਤੱਰਕੀ ਵਿਚ ਆਪਣਾ ਯੋਗਦਾਨ ਪਾਉਣ। ਇਸ ਦੌਰਾਨ ਮੁਸਲਿਮ ਭਾਈਚਾਰੇ ਨੇ ਆਪਸ ਵਿਚ ਗਲੇ ਮਿਲ ਕੇ ਇਕ ਦੂਸਰੇ ਨੂੰ ਈਦ ਦੀ ਮੁਬਾਰਕਬਾਦ ਦਿੱਤੀ। ਪ੍ਰਬੰਧਕਾਂ ਵਲੋਂ ਹਾਜਰੀਨ ਨੂੰ ਸੇਂਵੀਆਂ ਤੇ ਫਲ ਫਰੂਟ ਵੰਡੇ ਗਏ। ਇਸ ਮੌਕੇ ਬਾਬਾ ਯਸ਼ਪਾਲ ਅਲਾਵਲਪੁਰ, ਰਫੀਕ ਮੁਹੰਮਦ, ਇਮਰਾਨ, ਬੂਟਾ ਮੁਹੰਮਦ, ਰੌਸ਼ਨ ਦੀਨ, ਤਾਰੂ ਦੀਨ, ਮੁਖਤਿਆਰ ਮੁਹੰਮਦ, ਯੂਨੁਸ, ਮੁਹੰਮਦ ਸ਼ਰੀਫ, ਸਲੀਮ ਮੁਹੰਮਦ, ਸ਼ਾਕ ਅਲੀ ਪੰਡੋਰੀ, ਮੌਜ ਅਲੀ, ਜਮਾਤ ਅਲੀ, ਕਰਮਦੀਨ, ਅਮੀਨ ਅਲੀ, ਸਲੀਮ ਮੁਹੰਮਦ ਸੰਗਤਪੁਰ, ਹਸਨਦੀਨ, ਅਰਮਾਨ ਮੁਹੰਮਦ, ਰਾਜਵੀਰ ਮੁਹੰਮਦ, ਮੁਰੀਦ ਅਲੀ, ਚੇਤਨ ਸ਼ਰਮਾ ਡਰੋਲੀ, ਇਸ਼ਾਕ ਅਲੀ, ਅਸ਼ਰਫ ਅਲੀ, ਸਦੀਕ ਮੁਹੰਮਦ, ਤੇਗ ਅਲੀ, ਸਲਾਮ ਦੀਨ, ਸ਼ੌਕੀ, ਮੀਨ ਅਲੀ, ਅਤਰਦੀਨ, ਸੈਫ ਅਲੀ ਆਦਿ ਹਾਜਰ ਸਨ।

# ਪਰਮਿੰਦਰ ਬੋਧ ਨੂੰ ਥਾਪਿਆ ਡਾ. ਅੰਬੇਡਕਰ ਬਲੱਡ ਓਰਗਨਾਈਜੇਸ਼ਨ ਫਗਵਾੜਾ ਦਾ ਪ੍ਰਧਾਨ



ਫਗਵਾੜਾ ( ਸੁਸ਼ੀਲ ਸ਼ਰਮਾ ) ਡਾ. ਅੰਬੇਡਕਰ ਬਲੱਡ ਓਰਗਨਾਈਜੇਸ਼ਨ ਫਗਵਾੜਾ ਵੱਲੋਂ ਅੱਜ ਖੇੜਾ ਰੋਡ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਜਿਸਦੀ ਪ੍ਰਧਾਨਗੀ ਅਮਰਜੀਤ ਖੁੱਤਣ ਵਾਈਸ ਚੇਅਰਮੈਨ ਅਤੇ ਕਮਲਜੀਤ ਮਾਹੀ ਸਰਪੰਚ ਅਮਰੀਕ ਨਗਰੀ ਨੇ ਸਾਂਝੇ ਤੌਰ ਤੇ ਕੀਤੀ। ਮੀਟਿੰਗ ਵਿੱਚ ਪਰਮਿੰਦਰ ਬੋਧ ਨੂੰ ਸਰਬ ਸੰਮਤੀ ਨਾਲ ਓਰਗਨਾਈਜੇਸ਼ਨ ਦੀ ਫਗਵਾੜਾ ਸ਼ਾਖਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਕਰਨਜੀਤ ਹਰਦੋ ਫਰਾਲਾ ਅਤੇ ਅਸ਼ਵਨੀ ਬਗਾਣੀਆ ਨੂੰ ਵਾਈਸ ਪ੍ਰਧਾਨ ਫਗਵਾੜਾ ਐਲਾਨਿਆ ਗਿਆ। ਸਮੂਹ ਹਾਜਰ ਮੈਂਬਰਾਂ ਨੇ ਨਵ ਨਿਯੁਕਤ ਪ੍ਰਧਾਨ ਪਰਮਿੰਦਰ ਬੋਧ ਅਤੇ ਉਹਨਾਂ ਦੇ ਸਾਥੀ ਮੀਤ ਪ੍ਰਧਾਨਾਂ ਨੂੰ ਸ਼ੁੱਭ ਇੱਛਾਵਾਂ ਦਿੰਦੇ ਹੋਏ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ। ਵਾਈਸ ਚੇਅਰਮੈਨ ਅਮਰਜੀਤ ਖੁੱਤਣ ਅਤੇ ਕਮਲਜੀਤ ਮਾਹੀ ਸਰਪੰਚ ਅਮਰੀਕ ਨਗਰੀ ਸਾਬਕਾ ਪ੍ਰਧਾਨ ਨੇ ਦੱਸਿਆ ਕਿ ਪਰਮਿੰਦਰ ਬੋਧ ਨੇ ਪਹਿਲਾਂ ਵੀ ਬਤੌਰ ਪ੍ਰਧਾਨ ਵਧੀਆ ਸੇਵਾਵਾਂ ਨਿਭਾਈਆਂ ਹਨ। ਜਿਸ ਨੂੰ ਦੇਖਦੇ ਹੋਏ ਦੁਬਾਰਾ ਸਰਬ ਸੰਮਤੀ ਨਾਲ ਪ੍ਰਧਾਨ ਦੇ ਅਹੁਦੇ ਨਾਲ ਨਵਾਜਿਆ ਗਿਆ ਹੈ। ਪਰਮਿੰਦਰ ਬੋਧ ਪ੍ਰਧਾਨ ਅਤੇ ਮੀਤ ਪ੍ਰਧਾਨ ਕਰਨਜੀਤ ਹਰਦੋ ਫਰਾਲਾ ਤੇ ਅਸ਼ਵਨੀ ਬਗਾਣੀਆ ਨੇ ਭਰੋਸਾ ਦਿੱਤਾ ਕਿ ਉਹ ਆਪਣੀ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ। ਉਹਨਾਂ ਦੱਸਿਆ ਕਿ 14 ਅਪ੍ਰੈਲ ਦਿਨ ਸੋਮਵਾਰ ਨੂੰ ਭਾਰਤ ਰਤਨ ਬਾਬਾ ਸਾਹਿਬ ਅੰਬੇਡਕਰ ਦੇ ਜਨਮ ਦਿਨ ਮੌਕੇ ਹਰ ਸਾਲ ਦੀ ਤਰ੍ਹਾਂ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਜਾਵੇਗਾ। ਇਸ ਮੌਕੇ ਬਲਵੀਰ ਬੈਂਸ ਸੀਨੀਅਰ ਮੈਂਬਰ, ਰਤਨ ਲਾਲ ਕੈਲੇ, ਜੀਤਾ ਭੁੱਲਾਰਾਏ, ਰਾਜੇਸ਼ ਕੁਮਾਰ, ਜੀਵਨ ਕੁਮਾਰ, ਗੁਰਜਿੰਦਰ ਸਿੰਘ ਨਿੱਝਰ, ਜਤਿਨ ਕੁਮਾਰ ਆਦਿ ਹਾਜਰ ਸਨ।

# ਹੁਸ਼ਿਆਰਪੁਰ ਰੋਡ 'ਤੇ ਵਾਪਰੇ ਸੜਕ ਹਾਦਸੇ 'ਚ ਦੋ ਨੌਜਵਾਨ ਜਖਮੀ







ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ-ਹੁਸ਼ਿਆਰਪੁਰ ਰੋਡ 'ਤੇ ਵਾਹਦ ਫਾਰਮ ਦੇ ਨਜਦੀਕ ਇਕ ਮਹਿੰਦਰਾ ਪਿਕਅੱਪ ਅਤੇ ਐਕਟਿਵਾ ਵਿਚਕਾਰ ਆਹਮੋ-ਸਾਹਮਣੇ ਹੋਈ ਟੱਕਰ ਵਿਚ ਐਕਟਿਵਾ ਸਵਾਰ ਦੋ ਨੌਜਵਾਨਾਂ ਦੇ ਜਖਮੀ ਹੋਣ ਦਾ ਸਮਾਚਾਰ ਹੈ। ਜਿਹਨਾਂ ਵਿਚੋਂ ਇਕ ਨੌਜਵਾਨ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਮੌਕੇ ਪ੍ਰਾਪਤ ਜਾਣਕਾਰੀ ਅਨੁਸਾਰ ਇਹ ਹਾਦਸਾ ਦੁਪਿਹਰ ਸਮੇਂ ਵਾਪਰਿਆ, ਜਦੋਂ ਫਗਵਾੜਾ ਤੋਂ ਹੁਸ਼ਿਆਰਪੁਰ ਸਾਈਡ ਨੂੰ ਜਾ ਰਹੀ ਮਹਿੰਦਰਾ ਪਿਕਅਪ ਨੰਬਰ ਪੀਬੀ 10 ਐਫ ਵੀ 3242 ਅਚਾਨਕ ਬੇਕਾਬੂ ਹੋ ਕੇ ਸਾਹਮਣੇ ਤੋਂ ਆ ਰਹੀ ਐਕਟਿਵਾ ਨੰਬਰ ਪੀਬੀ 36 ਐਚ ਓ 0752 ਨਾਲ ਟਕਰਾ ਗਈ। ਇਸ ਹਾਦਸੇ ਵਿਚ ਐਕਟਿਵਾ ਸਵਾਰ ਗੁਰਪ੍ਰੀਤ ਸਿੰਘ ਪੁੱਤਰ ਰਣਜੀਤ ਸਿੰਘ ਅਤੇ ਅਮਰਜੀਤ ਸਿੰਘ ਪੁੱਤਰ ਕੁਲਦੀਪ ਸਿੰਘ ਬਦਾਨਾ ਵਾਸੀ ਜਗਜੀਤਪੁਰ ਬੁਰੀ ਤਰ੍ਹਾਂ ਜਖਮੀ ਹੋ ਗਏ। ਜਿਹਨਾਂ ਵਿਚੋਂ ਗੁਰਪ੍ਰੀਤ ਸਿੰਘ ਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਲੁਧਿਆਣਾ ਰੈਫਰ ਕੀਤਾ ਗਿਆ ਹੈ। ਦੱਸਿਆ ਜਾਂਦਾ ਹੈ ਕਿ ਮਹਿੰਦਰਾ ਪਿਕਅੱਪ ਦਾ ਡਰਾਇਵਰ ਨਸ਼ੇ ਦੀ ਹਾਲਤ ਵਿਚ ਸੀ। ਜਿਸਨੇ ਪਹਿਲਾਂ ਕਿਸੇ ਹੋਰ ਗੱਡੀ ਨੂੰ ਵੀ ਟੱਕਰ ਮਾਰੀ ਅਤੇ ਫਿਰ ਬੇਕਾਬੂ ਹੋ ਕੇ ਸਾਹਮਣੇ ਤੋਂ ਆ ਰਹੀ ਐਕਟਿਵਾ ਨੂੰ ਟੱਕਰ ਮਾਰ ਦਿੱਤੀ ਅਤੇ ਮਹਿੰਦਰਾ ਪਿਕਅਪ ਵੀ ਪਲਟ ਗਈ। ਡਰਾਇਵਰ ਦੀ ਪਛਾਣ ਹਰਦੀਪ ਸਿੰਘ ਵਾਸੀ ਮਾਛੀਵਾੜਾ ਦੇ ਰੂਪ ਵਿਚ ਹੋਈ ਹੈ। ਜਿਸ ਨੂੰ ਰਾਹਗੀਰਾਂ ਵਲੋਂ ਪਲਟੀ ਹੋਈ ਗੱਡੀ ਵਿੱਚੋਂ ਕਾਬੂ ਕਰਕੇ ਪੁਲਿਸ ਦੇ ਹਵਾਲੇ ਕੀਤਾ ਗਿਆ। ਖਬਰ ਲਿਖੇ ਜਾਣ ਤੱਕ ਪੁਲਿਸ ਕਾਰਵਾਈ ਜਾਰੀ ਸੀ।

# ਚੱਕ ਪ੍ਰੇਮਾ ਦੇ ਵਸਨੀਕ ਕੁਲਦੀਪ ਕੁਮਾਰ ਦੀ ਫਿਲੀਪਿੰਸ ਵਿਖੇ ਸੜਕ ਹਾਦਸੇ 'ਚ ਹੋਈ ਮੌਤ

ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਦੇ ਨੇੜਲੇ ਪਿੰਡ ਚੱਕ ਪ੍ਰੇਮਾ ਦੇ ਵਸਨੀਕ ਕੁਲਦੀਪ ਕੁਮਾਰ (51) ਪੁੱਤਰ ਦਰਸ਼ਨ ਲਾਲ ਦੀ ਫਿਲੀਪਿੰਸ ਵਿਖੇ ਸੜਕ ਹਾਦਸੇ ਵਿਚ ਮੌਤ ਹੋਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਕੁਲਦੀਪ ਕੁਮਾਰ ਕਰੀਬ 7/8 ਮਹੀਨੇ ਪਹਿਲਾਂ ਰੁਜਗਾਰ ਲਈ ਫਿਲੀਪਿੰਸ ਗਿਆ ਸੀ। ਮਿਤੀ 30 ਮਾਰਚ ਨੂੰ ਭਾਰਤੀ ਸਮੇਂ ਅਨੁਸਾਰ ਬਾਅਦ ਦੁਪਿਹਰ 3.30 ਵਜੇ ਉਹ ਆਪਣੇ ਰਿਸ਼ਤੇਦਾਰ ਸੁਰਜੀਤ ਸਿੰਘ ਸੁਮਨ ਦੇ ਨਾਲ ਮੋਟਰਸਾਇਕਲ ਤੇ ਜਾ ਰਿਹਾ ਸੀ ਤਾਂ ਮੋਟਰਸਾਇਕਲ ਇਕ ਬੱਸ ਨਾਲ ਟਕਰਾ ਗਈ ਅਤੇ ਕੁਲਦੀਪ ਕੁਮਾਰ ਬੱਸ ਦੇ ਹੇਠਾਂ ਡਿੱਗ ਗਿਆ, ਜੋ ਲਗਾਤਾਰ ਚੱਲਦੀ ਰਹੀ ਅਤੇ ਉਸਨੂੰ ਲਗਭਗ 40 ਫੁੱਟ ਤੱਕ ਘਸੀਟਦੀ ਲੈ ਗਈ, ਜਿਸਦੇ ਗੰਭੀਰ ਸੱਟਾਂ ਲੱਗੀਆਂ ਅਤੇ ਉਸਦੀ ਮੌਤ ਹੋ ਗਈ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਕੁਲਦੀਪ ਕੁਮਾਰ ਆਪਣੇ ਪਿੱਛੇ ਪਤਨੀ ਅਤੇ ਪੁੱਤਰੀ ਅਕਸ਼ੀਆ (18) ਤੇ ਪੁੱਤਰ ਗੈਰੀ (16) ਛੱਡ ਗਿਆ ਹੈ। ਕੁਲਦੀਪ ਕੁਮਾਰ ਦੀ ਮੌਤ ਨਾਲ ਪਿੰਡ 'ਚ ਸ਼ੋਕ ਦੀ ਲਹਿਰ ਹੈ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
82880 21797
82880 21798
WWW.JSDCGROUP.COM
ਦੁਬਈ, ਕਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences

Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565